## ਅੱਜ ਦਾ ਸ਼ੁਭ ਵਿਚਾਰ



ਆਪਣਿਆਂ ਦੀਆਂ ਖ਼ੁਸ਼ੀਆਂ ਲਈ ਖ਼ੁੱਦ ਅੰਦਰਲਾ ਦਰਦ ਛੁੱਪਾ ਕੇ ਕੋਲੋ ਲੰਘ ਜਾਣਾ ਵਡੱਪਣ ਹੀ ਤਾਂ ਹੁੰਦੈ॥

**ਅਮਨਦੀਪ ਮਹਿਰਾ**

ਰੋਜ਼ਾਨਾ ਲੋਕ ਬਾਣੀ
www.lokbani.com

ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ

ਸ਼ੁੱਕਰਵਾਰ, 07 ਫਰਵਰੀ 2025
Email:- lokbani08@gmail.com








R. N. I. Punpun/29016/2008 ✶ ਸਾਲ 16 , ✶ ਅੰਕ : 234, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181-2211009 ✶ M : 99155-94111








## ਅਮਰੀਕੀ ਜੱਜ ਨੇ ਟਰੰਪ ਦੇ ਜਨਮ ਅਧਿਕਾਰ ਨਾਗਰਿਕਤਾ ਰੱਦ ਕਰਨ ਦੇ ਹੁਕਮ ਨੂੰ ਰੋਕਿਆ



**ਗ੍ਰੀਨਬੈਲਟ ਲੋਕ ਬਾਣੀ-** ਮੈਰੀਲੈਂਡ ਦੇ ਇੱਕ ਸੰਘੀ ਜੱਜ ਨੇ ਡੋਨਲਡ ਟਰੰਪ ਪ੍ਰਸ਼ਾਸਨ ਦੇ ਸੰਯੁਕਤ ਰਾਜ ਵਿੱਚ ਜਨਮ ਅਧਿਕਾਰ ਨਾਗਰਿਕਤਾ ਨੂੰ ਰੱਦ ਕਰਨ ਦੇ ਕਾਰਜਕਾਰੀ ਹੁਕਮ ’ਤੇ ਰੋਕ ਲਾ ਦਿੱਤੀ ਹੈ। ਇਸ ਨਾਲ ਅਮਰੀਕਾ ਦੇ ਨਵੇਂ ਬਣੇ ਰਾਸ਼ਟਰਪਤੀ ਡੋਨਲਡ ਟਰੰਪ ਵੱਲੋਂ ਜਨਮ ਅਧਿਕਾਰ ਨਾਗਰਿਕਤਾ ਦੀ ਸੰਵਿਧਾਨਕ ਗਾਰੰਟੀ ’ਤੇ ਰੋਕ ਸਬੰਧੀ ਹੁਕਮਾਂ ਨੂੰ ਝਟਕਾ ਲੱਗਿਆ ਹੈ। ਜੱਜ ਨੇ ਟਰੰਪ ਦੇ ਹੁਕਮ ਦਾ ਬਚਾਅ ਕਰਨ ਵਾਲੇ ਅਮਰੀਕੀ ਵਿਭਾਗ ਦੇ ਵਕੀਲ ਨੂੰ ਕਿਹਾ, ‘ਇਹ ਸਪੱਸ਼ਟ ਤੌਰ ’ਤੇ ਅਸੰਵਿਧਾਧਿਕ ਹੁਕਮ ਹੈ।’

## ਨਾਈਜੀਰੀਆ ਦੇ ਇਸਲਾਮਿਕ ਸਕੂਲ ਵਿੱਚ ਅੱਗ; 17 ਵਿਦਿਆਰਥੀਆਂ ਦੀ ਮੌਤ




**ਅਬੂਜਾ, ਲੋਕ ਬਾਣੀ-** ਉੱਤਰੀ ਨਾਈਜੀਰੀਆ ਦੇ ਜ਼ਮਫਾਰਾ ਸੂਬੇ ਵਿੱਚ ਇਕ ਇਸਲਾਮਿਕ ਸਕੂਲ ਵਿਚ ਅੱਗ ਲੱਗਣ ਕਾਰਨ 17 ਵਿਦਿਆਰਥੀਆਂ ਦੀ ਮੌਤ ਹੋ ਗਈ। ਪੁਲੀਸ ਦੇ ਬੁਲਾਰੇ ਨੇ ਦੱਸਿਆ ਕਿ ਜ਼ਮਫਾਰਾ ਸੂਬੇ ਦੇ ਕੌਰਾਂ ਨਮੋਦਾ ਕਸਬੇ ਦੇ ਇੱਕ ਇਸਲਾਮੀ ਸਕੂਲ ਵਿਚ ਅੱਗ ਲੱਗ ਗਈ ਤੇ ਇਸ ਕਾਰਨ 17 ਵਿਦਿਆਰਥੀਆਂ ਦੀ ਮੌਤ ਹੋ ਗਈ ਜਿਨ੍ਹਾਂ ਦੀ ਉਮਰ ਸੱਤ ਤੋਂ ਸਤਾਰਾਂ ਸਾਲ ਦਰਮਿਆਨ ਸੀ। ਇਸ ਅੱਗ ਕਾਰਨ 12 ਹੋਰ ਗੰਭੀਰ ਰੂਪ ਵਿੱਚ ਝੁਲਸ ਗਏ ਜਿਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ ਹੈ। ਪੁਲੀਸ ਬੁਲਾਰੇ ਯਾਜਿਦ ਅਬੂਬਕਰ ਨੇ ਕਿਹਾ ਕਿ ਅੱਗ ਲੱਗਣ ਦੇ ਕਾਰਨਾਂ ਦਾ ਪਤਾ ਨਹੀਂ ਲੱਗਿਆ

## ਬੰਗਲਾਦੇਸ਼ ਵਿੱਚ ਮੁੜ ਹਿੰਸਾ ਭੜਕੀ



**ਢਾਕਾ, ਲੋਕ ਬਾਣੀ-** –ਇੱਥੇ ਆਵਾਮੀ ਲੀਗ ਖ਼ਿਲਾਫ ਚਲ ਰਹੇ ਪ੍ਰਦਰਸ਼ਨਾਂ ਦੇ ਮੱਦੇਨਜ਼ਰ ਅੱਜ ਮੁੜ ਹਿੰਸਾ ਭੜਕ ਪਈ। ਪ੍ਰਦਰਸ਼ਨਕਾਰੀਆਂ ਨੇ ਸਾਬਕਾ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਦੇ ਪਿਤਾ ਤੇ ਰਿਸ਼ਤੇਦਾਰਾਂ ਦੇ ਘਰਾਂ ਵਿਚ ਦਾਖਲ ਹੋ ਕੇ ਭੰਨਤੋੜ ਕੀਤੀ। ਇਸ ਮੌਕੇ ਸੁਰੱਖਿਆ ਮੁਲਾਜ਼ਮ ਵੀ ਤਾਇਨਾਤ ਸਨ ਜਿਨ੍ਹਾਂ ਨੇ ਹਜ਼ੂਮ ਨੂੰ ਸਮਝਾਉਣ ਦੀ ਕੋਸ਼ਿਸ਼ ਵੀ ਕੀਤੀ ਪਰ ਉਨ੍ਹਾਂ ਨੇ ਸੁਰੱਖਿਆ ਬਲਾਂ ਦੀ ਗੱਲ ਅਣਸੁਣੀ ਕਰ ਕੇ ਭੰਨਤੋੜ ਕੀਤੀ। ਇਹ ਭੰਨਤੋੜ ਉਸ ਵੇਲੇ ਕੀਤੀ ਗਈ ਜਦੋਂ ਸੋਸ਼ਲ ਮੀਡੀਆ ’ਤੇ ਭੜਕਾਊ ਬਿਆਨ ਤੇ ਸਮੱਗਰੀ ਅਪਲੋਡ ਕੀਤੀ ਗਈ, ਇਸ ਤੋਂ ਬਾਅਦ ਕਈ ਥਾਈਂ ਪ੍ਰਦਰਸ਼ਨ ਹਿੰਸਕ ਰੂਪ ਧਾਰਨ ਕਰ ਗਏ।

## ਹਿਮਾਚਲ ਵਿੱਚ ਕਈ ਥਾਈਂ ਬਰ.ਫਬਾਰੀ; ਤੇਜ਼ ਹਵਾਵਾਂ ਚੱਲਣ ਦੀ ਪੇਸ਼ੀਨਗੋਈ



**ਸ਼ਿਮਲਾ, ਲੋਕ ਬਾਣੀ-** ਹਿਮਾਚਲ ਪ੍ਰਦੇਸ਼ ਦੇ ਉੱਚੇ ਇਲਾਕਿਆਂ ਵਿੱਚ ਅੱਜ ਸ਼ਾਮ ਵੇਲੇ ਬਰਫਬਾਰੀ ਹੋਈ ਜਿਸ ਵਿਚ ਪ੍ਰਮੁੱਖ ਸੈਲਾਨੀ ਕੇਂਦਰ ਵੀ ਸ਼ਾਮਲ ਹਨ। ਮੌਸਮ ਵਿਭਾਗ ਅਨੁਸਾਰ ਸ਼ਿਮਲਾ, ਕੁੱਲੂ, ਕਿਨੌਰ, ਲਾਹੌਲ ਅਤੇ ਸਪਿਤੀ ਅਤੇ ਚੰਬਾ ਜ਼ਿਲ੍ਹਿਆਂ ਵਿੱਚ ਵੱਖ-ਵੱਖ ਥਾਵਾਂ ’ਤੇ ਬਰ.ਫਬਾਰੀ ਹੋਈ। ਸ਼ਿਮਲਾ ਜ਼ਿਲ੍ਹੇ ਦੇ ਸੈਰ-ਸਪਾਟਾ ਕੇਂਦਰ ਨਾਰਕੰਡਾ ਅਤੇ ਕੁਫਰੀ, ਚੰਬਾ ਦੇ ਡਲਹੌਜ਼ੀ ਅਤੇ ਕੁੱਲੂ ਦੇ ਮਨਾਲੀ ਅਤੇ ਆਸ-ਪਾਸ ਦੇ ਇਲਾਕਿਆਂ ’ਚ ਵੀ ਬਰਫ ਪਈ। ਮੰਡੀ ਜ਼ਿਲੇ ਦੇ ਸੇਰਾਜ, ਪਰਾਸ਼ਰ, ਸ਼ਿਕਾਰੀ ਅਤੇ ਕਮਰੂਨਾਗ ਵਿਚ ਵੀ ਬਰਫਬਾਰੀ ਦੀਆਂ ਖਬਰਾਂ ਹਨ। ਇਸ ਤਾਜ਼ਾ ਬਰ.ਫਬਾਰੀ ਕਾਰਨ ਸੈਲਾਨੀਆਂ ਦੀ ਆਮਦ ਵਧ ਸਕਦੀ ਹੈ ਤੇ ਹੋਟਲ ਮਾਲਕਾਂ ਲਈ ਚੰਗੀ ਖਬਰ ਹੈ।

## ਅੰਬਾਲਾ-ਚੰਡੀਗੜ੍ਹ ਮੁੱਖ ਮਾਰਗ ’ਤੇ ਲਾਲੜੂ ਨੇੜੇ ਲੱਗਿਆ ਜਾਮ



**ਚੰਡੀਗੜ੍ਹ, ਲੋਕ ਬਾਣੀ-**ਅੰਬਾਲਾ-ਚੰਡੀਗੜ੍ਹ ਮੁੱਖ ਮਾਰਗ ’ਤੇ ਅੱਜ ਪਿੰਡ ਸਰਸੀਣੀ ਤੋਂ ਲੈ ਕੇ ਲੈਹਲੀ ਤੱਕ ਵਾਹਨਾਂ ਦੀਆਂ ਲੰਬੀਆਂ ਕਤਾਰਾਂ ਲੱਗੀਆਂ। ਇਸ ਕਾਰਨ ਲਾਲੜੂ ਇਲਾਕੇ ਦੀਆਂ ਸਾਰੀਆਂ ਲਿੰਕ ਸੜਕਾਂ, ਇੱਥੋਂ ਤੱਕ ਕਿ ਪਿੰਡਾਂ ਦੀਆਂ ਗਲੀਆਂ ਵਿੱਚੋਂ ਵੀ ਭਾਰੀ ਵਾਹਨ ਲੰਘ ਰਹੇ ਹਨ ਅਤੇ ਜਾਮ ਵਿੱਚ ਫਸੇ ਵਾਹਨ ਚਾਲਕਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਹ ਜਾਮ ਬੀਤੀ ਰਾਤ ਤੋਂ ਹੀ ਲੱਗਿਆ ਹੋਇਆ ਹੈ ਜਿਸ ਕਾਰਨ ਅੱਜ ਵੀ ਵਾਹਨ ਬਹੁਤ ਘੱਟ ਰਫਤਾਰ ਨਾਲ ਅੱਗੇ ਵਧ ਰਹੇ ਹਨ।

## ਅਮਰੀਕਾ ਗਿਆ ਜੜੌਤ ਦਾ ਨੌਜਵਾਨ ਵਾਪਸ ਭੇਜਿਆ



**ਲਾਲੜੂ, ਲੋਕ ਬਾਣੀ--**ਪਿੰਡ ਜੜੌਤ ਦਾ ਵਸਨੀਕ 22 ਸਾਲਾ ਪ੍ਰਦੀਪ ਉਰਫ ਦੀਪੂ 6 ਮਹੀਨੇ ਵੱਖ-ਵੱਖ ਦੇਸ਼ਾਂ ਵਿੱਚ ਘੁੰਮਣ ਤੋਂ ਬਾਅਦ ਅਮਰੀਕਾ ਪੁੱਜਿਆ ਸੀ ਪਰ ਉਸ ਨੂੰ ਵਾਪਸ ਭੇਜ ਦਿੱਤਾ ਗਿਆ ਹੈ। ਉਸ ਨੇ ਜਿਵੇਂ ਹੀ ਅਮਰੀਕਾ ਵਿੱਚ ਦਾਖਲ ਹੋਣ ਦੀ ਕੋਸ਼ਿਸ਼ ਕੀਤੀ ਤਾਂ ਉਸ ਨੂੰ ਅਮਰੀਕਾ ਦੀ ਪੁਲੀਸ ਨੇ ਫੜ ਲਿਆ। ਉਸ ਨੂੰ ਭਾਰਤੀ ਗਰੁੱਪ ਸਮੇਤ ਭਾਰਤ ਵਾਪਸ ਭੇਜ ਦਿੱਤਾ ਗਿਆ।

## ਕੈਦੀ ਤੋਂ ਨਸ਼ੀਲੀਆਂ ਗੋਲੀਆਂ ਬਰਾਮਦ



**ਲੁਧਿਆਣਾ, ਲੋਕ ਬਾਣੀ** – ਕੇਂਦਰੀ ਜੇਲ੍ਹ ਦੇ ਅਧਿਕਾਰੀਆਂ ਵੱਲੋਂ ਜੇਲ੍ਹ ਅੰਦਰ ਕੀਤੀ ਗਈ ਚੈਕਿੰਗ ਦੌਰਾਨ ਇੱਕ ਕੈਦੀ ਤੋਂ ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਇਸ ਸਬੰਧੀ ਥਾਣਾ ਡਿਵੀਜ਼ਨ ਨੰਬਰ 7 ਦੀ ਪੁਲੀਸ ਨੂੰ ਕੇਂਦਰੀ ਜੇਲ੍ਹ ਦੇ ਸਹਾਇਕ ਸੁਪਰਡੈਂਟ ਅਵਤਾਰ ਸਿੰਘ ਨੇ ਦੱਸਿਆ ਕਿ ਜੇਲ੍ਹ ਅੰਦਰ ਕੀਤੀ ਗਈ ਚੈਕਿੰਗ ਦੌਰਾਨ ਕੈਦੀ ਬਾਬਰ ਆਲਮ ਵਾਸੀ ਢੰਡਾਰੀ ਕਲਾਂ ਗੁਰੂ ਨਾਨਕ ਕਲੋਨੀ ਕੋਲੋਂ 23 ਸੰਤਰੀ ਰੰਗ ਦੀਆਂ ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ ਹਨ। ਥਾਣੇਦਾਰ ਦਿਨੇਸ਼ ਕੁਮਾਰ ਨੇ ਦੱਸਿਆ ਕਿ ਪੁਲੀਸ ਵੱਲੋਂ ਜੇਲ੍ਹ ਨਿਯਮਾਂ ਦੀ ਉਲੰਘਣਾ ਦੇ ਦੋਸ਼ ਹੇਠ ਕੇਸ ਦਰਜ ਕੀਤਾ ਗਿਆ ਹੈ।

## ਕਿਸਾਨਾਂ ਨੇ ਬਜਟ ਦੀਆਂ ਕਾਪੀਆਂ ਫੂਕੀਆਂ



**ਸੰਗਰੂਰ, ਲੋਕ ਬਾਣੀ-** ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਅਗਵਾਈ ਹੇਠ ਕਿਸਾਨਾਂ ਨੇ ਅੱਜ ਮੁੱਖ ਮੰਤਰੀ ਦੀ ਕੋਠੀ ਤੋਂ ਕੁੱਝ ਦੂਰੀ ’ਤੇ ਜ਼ੀਰਕਪੁਰ-ਬਠਿੰਡਾ ਕੌਮੀ ਹਾਈਵੇਅ-7 ਦੇ ਪਟਿਆਲਾ ਬਾਈਪਾਸ ਓਵਰਬ੍ਰਿਜ ਨੇੜੇ ਬਜਟ ਦੀਆਂ ਕਾਪੀਆਂ ਸਾੜਦਿਆਂ ਰੋਸ ਮੁਜ਼ਾਹਰਾ ਕੀਤਾ। ਇਸ ਦੌਰਾਨ ਉਨ੍ਹਾਂ ਬਜਟ ਨੂੰ ਕਿਸਾਨ-ਮਜ਼ਦੂਰ ਵਿਰੋਧੀ ਕਰਾਰ ਦਿੰਦਿਆਂ ਕੇਂਦਰ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਵੀ ਕੀਤੀ। ਭਾਕਿਯੂ ਏਕਤਾ ਉਗਰਾਹਾਂ ਦੇ ਝੰਡੇ ਹੇਠ ਕਿਸਾਨ ਗੁਰਦੁਆਰਾ ਨਵਾਂ ਮਸਤੂਆਣਾ ਸਾਹਿਬ ਵਿਖੇ ਇਕੱਠੇ ਹੋਏ ਜਿਥੋਂ ਕਾਫ਼ਲੇ ਦੇ ਰੂਪ ਵਿਚ ਕੌਮੀ ਹਾਈਵੇਅ ਦੇ ਪਟਿਆਲਾ ਬਾਈਪਾਸ ਓਵਰਬ੍ਰਿਜ਼ ਹੇਠਾਂ ਪੁੱਜੇ ਜਿਥੇ ਕੇਂਦਰ ਸਰਕਾਰ ਦੇ ਬਜਟ ਦੀਆਂ ਕਾਪੀਆਂ ਸਾੜਦਿਆਂ ਰੋਸ ਪ੍ਰਦਰਸ਼ਨ ਕੀਤਾ ਗਿਆ। ਕਿਸਾਨਾਂ ਵਲੋਂ ਬਜਟ ਨੂੰ ਕਿਸਾਨ-ਮਜ਼ਦੂਰ ਵਿਰੋਧੀ ਅਤੇ ਕਾਰਪੋਰੇਟ ਘਰਾਣਿਆਂ ਦਾ ਹਮਾਇਤੀ ਬਜਟ ਕਰਾਰ ਦਿੰਦਿਆਂ ਕੇਂਦਰ ਸਰਕਾਰ ’ਤੇ ਕਿਸਾਨਾਂ ਨਾਲ ਵਿਤਕਰੇਬਾਜ਼ੀ ਕਰਨ ਦਾ ਦੋਸ਼ ਲਾਇਆ।





**ਪੱਤਰਕਾਰਾਂ ਲਈ ਸੁਨਹਿਰਾ ਮੌਕਾ**

**ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ**

**ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 9915594111**

# ਕੈਬਨਿਟ ਮੰਤਰੀ ਧਾਲੀਵਾਲ ਨੇ ਜਨਤਾ ਦਰਬਾਰ ਲਗਾ ਕੇ ਲੋਕਾਂ ਦੀਆਂ ਸੁਣੀਆਂ ਮੁਸ਼ਕਲਾਂ ਅਧਿਕਾਰੀਆਂ ਨੂੰ ਮੌਕੇ ਤੇ ਹੀ ਮੁਸ਼ਕਲਾਂ ਹੱਲ ਕਰਨ ਦੇ ਦਿੱਤੇ ਨਿਰਦੇਸ਼

ਅੰਮ੍ਰਿਤਸਰ, (ਲੋਕ ਬਾਣੀ)
ਕੈਬਨਿਟ ਮੰਤਰੀ ਸ੍ਰ ਕੁਲਦੀਪ ਸਿੰਘ ਧਾਲੀਵਾਲ ਨੇ ਅੱਜ ਅਜਨਾਲਾ ਵਿਖੇ ਆਪਣੇ ਦਫਤਰ ਵਿੱਚ ਲਗਾਏ ਗਏ ਜਨਤਾ ਦਰਬਾਰ ਦੌਰਾਨ ਲੋਕਾਂ ਦੀਆਂ ਮੁਸਕਲਾਂ ਨੂੰ ਸੁਣਿਆ ਅਤੇ ਮੌਕੇ ਤੇ ਹੀ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਇਨ੍ਹਾਂ ਦੀਆਂ ਮੁਸ਼ਕਲਾਂ ਨੂੰ ਪਹਿਲ ਦੇ ਅਧਾਰ ਤੇ ਹੱਲ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਇਸ ਕੈਂਪ ਦਾ ਮੁੱਖ ਉਦੇਸ਼ ਲੋਕਾਂ ਦੀਆਂ ਮੁਸਕਲਾਂ ਦਾ ਮੌਕੇ ਤੇ ਹੱਲ ਕਰਨਾ ਹੈ ਤਾਂ ਜੋ ਲੋਕਾਂ ਨੂੰ ਸਰਕਾਰੀ ਦਫਤਰਾਂ ਦੇ ਚੱਕਰ ਨਾ ਮਾਰਨੇ ਪੈਣ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀਆਂ ਸਪਸ਼ਟ ਹਦਾਇਤਾਂ ਹਨ ਕਿ ਸਾਰੇ ਮੰਤਰੀ ਅਤੇ ਵਿਧਾਇਕ ਆਪੋ ਆਪਣੇ ਹਲਕੇ ਵਿੱਚ ਜਾ ਕੇ ਲੋਕਾਂ ਦੀਆਂ ਮੁਸਕਲਾਂ ਨੂੰ ਸੁਣਨ ਅਤੇ ਉਨ੍ਹਾਂ ਦੇ ਹੱਲ ਨੂੰ ਯਕੀਨੀ ਬਣਾਉਣ।

ਇਸ ਤੋਂ ਪਹਿਲਾਂ ਸ੍ਰ ਧਾਲੀਵਾਲ ਨੇ ਅਧਿਕਾਰੀਆਂ ਨਾਲ ਅਜਨਾਲਾ ਹਲਕੇ ਦੇ ਵਿਕਾਸ ਕਾਰਜਾਂ ਦੇ ਰੀਵਿਊ ਨੂੰ ਲੈ ਕੇ ਮੀਟਿੰਗ ਕੀਤੀ ਅਤੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਚੱਲ ਰਹੇ ਵਿਕਾਸ ਕਾਰਜ ਸਮੇਂ ਸਿਰ ਮੁਕੰਮਲ ਕੀਤੇ ਜਾਣ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਚੱਲ ਰਹੇ ਵਿਕਾਸ ਕਾਰਜਾਂ ਸਬੰਧੀ ਉਹ ਰੋਜਾਨਾ ਪ੍ਰਗਤੀ ਰਿਪੋਰਟ ਲੈਣ ਅਤੇ ਵਿਕਾਸ ਕਾਰਜਾਂ ਦੀ ਗੁਣਵੱਤਾ ਨੂੰ ਸਮੇਂ ਸਮੇਂ ਸਿਰ ਚੈਕ ਕਰਨ।

ਪ੍ਰੈਸ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸ੍ਰ ਧਾਲੀਵਾਲ ਨੇ ਕਿਹਾ ਕਿ ਕੇਂਦਰ ਸਰਕਾਰ ਕਿਸਾਨਾਂ ਦੀਆਂ ਮੰਗਾਂ ਨੂੰ ਪੂਰਾ ਕਰੇ ਨਾ ਕਿ ਬਾਰ ਬਾਰ ਮੀਟਿੰਗਾਂ ਕਰੇ। ਉਨ੍ਹਾਂ ਕਿਹਾ ਕਿ ਇਹ ਠੀਕ ਹੈ ਕਿ ਗੱਲਬਾਤ ਹੋਣੀ ਚਾਹੀਦੀ ਹੈ ਪ੍ਰੰਤੂ ਬਾਰ ਬਾਰ ਗੱਲਾਂ ਹੀ ਨਹੀਂ ਕਿਸਾਨਾਂ ਦੀਆਂ ਮੰਗਾਂ ਵੀ ਪੂਰੀਆਂ ਹੋਣੀਆਂ ਚਾਹੀਦੀਆਂ ਹਨ। ਉਨ੍ਹਾਂ ਬੀ:ਜੇ:ਪੀ ਸਰਕਾਰ ਤੇ ਤੰਜ ਕਸਦਿਆਂ ਕਿਹਾ ਕਿ ਇਹ ਵੱਡੇ ਘਰਾਣਿਆਂ ਦੀ ਸਰਕਾਰ ਹੈ ਅਤੇ ਕੇਵਲ ਉਨ੍ਹਾਂ ਦੇ ਹੀ ਕਰਜੇ ਮੁਆਫ ਕਰਦੀ ਹੈ। ਉਨ੍ਹਾਂ ਕਿਹਾ ਕਿ ਬੇ:ਜੇ:ਪੀ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਹੀ ਅੱਜ ਦੇਸ਼ ਦਾ ਅੰਨਦਾਤਾ ਸੜਕ ਤੇ ਬੈਠਾ ਹੋਇਆ ਹੈ। ਸ੍ਰ ਧਾਲੀਵਾਲ ਨੇ ਕਿਹਾ ਕਿ ਬੱਜਟ ਦੌਰਾਨ ਵੀ ਕਿਸਾਨਾਂ ਨੂੰ ਅੱਖੋਂ ਪਰੋਖੇ ਕੀਤਾ ਗਿਆ ਹੈ ਅਤੇ ਜਿੰਨਾਂ ਰਾਜਾਂ ਵਿੱਚ ਬੀ:ਜੇ:ਪੀ ਸਰਕਾਰ ਨਹੀਂ ਉਨ੍ਹਾਂ ਦਾ ਬੱਜਟ ਦੌਰਾਨ ਕੋਈ ਲਾਭ ਨਹੀਂ ਦਿੱਤਾ।



ਇਸ ਮੌਕੇ ਐਸ:ਡੀ:ਐਮ ਸ੍ਰ ਰਵਿੰਦਰ ਸਿੰਘ, ਬੀ:ਡੀ:ਪੀ:ਓ ਸ੍ਰ ਸੁਖਜੀਤ ਸਿੰਘ ਬਾਜਵਾ, ਤਹਿਸੀਲਦਾਰ ਅਕਵਿੰਦਰ ਕੌਰ, ਨਾਇਬ ਤਹਿਸੀਲਦਾਰ ਸੰਜੀਵ ਪਠਾਨੀਆਂ, ਡੀ:ਐਸ:ਪੀ ਗੁਰਵਿੰਦਰ ਸਿੰਘ ਔਲਖ, ਐਕਸੀਅਨ ਇੰਜ ਅਨੀਸ਼ਦੀਪ ਸਿੰਘ, ਸ੍ਰੀ ਗੁਰਜੰਟ ਸਿੰਘ ਸੋਹੀ, ਐਸ:ਐਚ:ਓ ਸਤਨਾਮ ਸਿੰਘ, ਐਸ:ਐਚ:ਓ ਅਰਜਨ ਕੁਮਾਰ, ਆਮ ਆਦਮੀ ਦੇ ਸ਼ਹਿਰੀ ਪ੍ਰਧਾਨ ਅਮਿਤ ਔਲ, ਚੇਅਰਮੈਨ ਬਲਦੇਵ ਸਿੰਘ ਬੱਬੂ ਚੇਤਨਪੁਰਾ, ਸਰਪੰਚ ਮਨਜਿੰਦਰ ਸਿੰਘ, ਸਰਪੰਚ ਮਨੂੰ ਮੱਲੀ, ਸ੍ਰ ਗੁਰਨਾਮ ਸਿੰਘ ਤੋਂ ਇਲਾਵਾ ਇਲਾਕਾ ਵਾਸੀ ਹਾਜਰ ਸਨ।

# ਭਾਰਤ ਰਤਨ ਡਾਕਟਰ ਅੰਬੇਦਕਰ ਜੀ ਦੇ ਬੁੱਤ ਨੂੰ ਤੋੜੇ ਜਾਣ ਦੀ ਘਟਨਾ ਮੰਦਭਾਗਾ...ਡਾ ਕਾਲਖ, ਡਾ.ਲਸਾੜਾ



ਮਹਿਲ ਕਲਾਂ (ਲੋਕ ਬਾਣੀ): ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ 295 ਦੇ ਸੂਬਾ ਮੀਡੀਆ ਇੰਚਾਰਜ ਪੰਜਾਬ ਡਾਕਟਰ ਮਿੱਠੂ ਮੁਹੰਮਦ ਮਹਿਲ ਕਲਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੂਬਾ ਪ੍ਰਧਾਨ ਡਾ. ਜਸਵਿੰਦਰ ਸਿੰਘ ਕਾਲਖ ਦੀ ਅਗਵਾਈ ਹੇਠ ਗਰੀਨ ਬਲੀਸਿੰਗ ਪੈਰਾਡਾਇਜ਼ ਪੈਲਿਸ, ਮਲੌਦ ਵਿਖੇ ਇੱਕ ਹੰਗਾਮੀ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਦੀ ਪ੍ਰਧਾਨਗੀ ਜ਼ਿਲ੍ਹਾ ਚੇਅਰਮੈਨ ਡਾ. ਅਵਤਾਰ ਸਿੰਘ ਲਸਾੜਾ ਨੇ ਕੀਤੀ। ਮੀਟਿੰਗ ਦੌਰਾਨ, ਭਾਰਤ ਰਤਨ ਡਾ. ਭੀਮ ਰਾਓ ਅੰਬੇਦਕਰ ਦੀ ਮੂਰਤੀ ਨੂੰ ਖੰਡਿਤ ਕਰਨ ਦੀ ਘਟਨਾ ਦੀ ਸਖਤ ਨਿੰਦਾ ਕੀਤੀ ਗਈ। ਐਸੋਸੀਏਸ਼ਨ ਨੇ ਇਸ ਮੰਦਭਾਗੀ ਘਟਨਾ ਲਈ ਜਿੰਨੀ ਵੀ ਨਿੰਦਾ ਕੀਤੀ ਜਾਵੇ, ਕਾਫ਼ੀ ਨਹੀਂ ਹੈ ਅਤੇ ਦੋਸ਼ੀਆਂ ਨੂੰ ਜਲਦੀ ਗ੍ਰਿਫਤਾਰ ਕਰਕੇ ਉਹਨਾਂ ਪਿੱਛੇ ਕੰਮ ਕਰਨ ਵਾਲੀਆਂ ਦੇਸ਼ ਵਿਰੋਧੀ ਤਾਕਤਾਂ ਨੂੰ ਬੇਨਕਾਬ ਕਰਕੇ ਸਖਤ ਸਜ਼ਾਵਾਂ ਦੇਣ ਦੀ ਮੰਗ ਕੀਤੀ।

ਇਸ ਤੋਂ ਇਲਾਵਾ, ਮੀਟਿੰਗ ਵਿੱਚ ਆਈ ਐਮ ਏ ਲੁਧਿਆਣਾ ਦੀ ਚੁਣੀ ਗਈ ਸੈਕਟਰੀ ਡਾ. ਰੁਚੀ ਮੁਟਨੇਜਾ ਦੇ ਬਿਆਨ ਦਾ ਸਖਤ ਵਿਰੋਧ ਕੀਤਾ ਗਿਆ। ਇੱਕ ਮਤਾ ਪਾਸ ਕੀਤਾ ਗਿਆ ਕਿ ਸੂਬਾ ਪ੍ਰਧਾਨ ਡਾ. ਜਸਵਿੰਦਰ ਸਿੰਘ ਕਾਲਖ ਜੋ ਵੀ ਫੈਸਲਾ ਲੈਣਗੇ, ਪੂਰੇ ਪੰਜਾਬ ਦੀਆਂ ਜ਼ਿਲ੍ਹਾ ਅਤੇ ਬਲਾਕ ਕਮੇਟੀਆਂ ਉਸ ਦਾ ਪੂਰਾ ਸਮਰਥਨ ਕਰਨਗੀਆਂ।

ਮੀਟਿੰਗ ਦੌਰਾਨ ਨਵੇਂ ਮੈਂਬਰਾਂ ਨੂੰ ਆਈ-ਕਾਰਡ, ਸਰਟੀਫਿਕੇਟ ਅਤੇ ਫਲੈਕਸੀ ਬੋਰਡ ਵੀ ਵੰਡੇ ਗਏ। ਬਲਾਕ ਪ੍ਰਧਾਨ ਮਲੌਦ ਡਾ. ਰਾਮ ਸਿੰਘ ਨੇ ਧੰਨਵਾਦ ਪ੍ਰਗਟਾਇਆ। ਇਸ ਮੌਕੇ ਤੇ ਡਾ. ਕੁਲਵੰਤ ਸਿੰਘ ਮਦਨੀਪੁਰ, ਹਰਦੀਪ ਸਿੰਘ ਕਿਲਾਹਾਂਸ, ਡਾ. ਸੁਖਵਿੰਦਰ ਸਿੰਘ ਰੌਣੀ, ਡਾ. ਮਨਮੋਹਨ ਸਿੰਘ, ਡਾ. ਭਰਭੂਰ ਸਿੰਘ, ਡਾ. ਤਰਸੇਮ ਲਾਲ ਅਤੇ ਬਲਾਕ ਕਮੇਟੀ ਦੇ ਹੋਰ ਮੈਂਬਰ ਵੀ ਮੌਜੂਦ ਸਨ।

# ਵਧੀਕ ਡਿਪਟੀ ਕਮਿਸ਼ਨਰ ਦੀ ਅਗਵਾਈ ਹੇਠ ਜਿਲ੍ਹਾ ਵਾਤਾਵਰਣ ਕਮੇਟੀ ਦੀ ਮੀਟਿੰਗ

ਮਾਲੇਰਕੋਟਲਾ (ਲੋਕ ਬਾਣੀ)
ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਜ਼ਿਲ੍ਹਾ ਵਾਤਾਵਰਣ ਯੋਜਨਾ ਨੂੰ ਲਾਗੂ ਕਰਨ ਦਾ ਜਾਇਜ਼ਾ ਲੈਣ ਲਈ ਜ਼ਿਲ੍ਹਾ ਵਾਤਾਵਰਨ ਕਮੇਟੀ ਦੀ ਸਮੀਖਿਆ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਉਨ੍ਹਾਂ ਵਲੋਂ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਨਿਗਰਾਨੀ ਕਮੇਟੀ ਦੇ ਫੈਸਲਿਆਂ ਦੀ ਪਾਲਣਾ ਨਾਲ ਸਬੰਧਤ ਵੱਖ-ਵੱਖ ਮਾਮਲਿਆਂ ਤੇ ਚਰਚਾ ਕੀਤੀ ਗਈ।



ਉਨ੍ਹਾਂ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਵਾਤਾਵਰਣ,ਪਾਣੀ ਦੀ ਸਾਂਭ ਸੰਭਾਲ ਸਬੰਧੀ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਵਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਦੀ ਇੰਨ-ਬਿੰਨ ਪਾਲਨਾ ਯਕੀਨੀ ਬਣਾਈ ਜਾਵੇ । ਉਨ੍ਹਾਂ ਜ਼ਿਲ੍ਹੇ ਦੇ ਸਮੂਹ ਕਾਰਜ ਸਾਧਕ ਅਫ਼ਸਰਾਂ ਨੂੰ ਹਦਾਇਤ ਕੀਤੀ ਕਿ ਕੂੜਾ ਪ੍ਰਬੰਧਨ ਪਲਾਨ ਨੂੰ ਸਖਤੀ ਨਾਲ ਲਾਗੂ ਕੀਤਾ ਜਾਵੇ ਅਤੇ ਸ਼ਹਿਰ ਨੂੰ ਪਲਾਸਟਿਕ ਮੁਕਤ ਬਣਾਉਣ ਲਈ ਹਰ ਤਰ੍ਹਾਂ ਦੇ ਸੰਭਵ ਉਪਰਾਲੇ ਕੀਤੇ ਜਾਣ ।

ਵਧੀਕ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਅੰਦਰ ਸ਼ਹਿਰੀ ਤੇ ਪੇਂਡੂ ਖੇਤਰਾਂ ਚ ਗੰਦਗੀ ਵਾਲੇ ਸਥਾਨਾਂ ਦੀ ਸਫ਼ਾਈ, ਗਿੱਲੇ ਅਤੇ ਸੁੱਕੇ ਕੂੜੇ,ਠੋਸ ਰਹਿੰਦ-ਖੂੰਹਦ ਪ੍ਰਬੰਧਨ, ਪਲਾਸਟਿਕ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ,ਪਿੰਡਾਂ ਦੇ ਟੋਭੇ, ਸੀਵਰੇਜ ਦਾ ਗੰਦਾ ਪਾਣੀ ਸੋਧਣ ਲਈ ਸੀਵਰੇਜ ਟ੍ਰੀਟਮੈਂਟ ਪਲਾਂਟਾਂ ਦੀ ਕਾਰਗੁਜ਼ਾਰੀ, ਲੋਕਾਂ ਨੂੰ ਕੂੜਾ ਪ੍ਰਬੰਧਨ ਅਤੇ ਵਾਤਾਵਰਣ ਦੀ ਸੰਭਾਂਲ ਲਈ ਜਾਗਰੂਕ ਕਰਨ, ਬਾਇਓ ਮੈਡੀਕਲ ਤੇ ਈ-ਵੇਸਟ ਪ੍ਰਬੰਧਨ, ਛੱਪੜਾਂ ਦੀ ਸਾਫ਼-ਸਫ਼ਾਈ ਅਤੇ ਸੀਵਰੇਜ ਜਾਂ ਫੈਕਟਰੀਆਂ ਦੇ ਪਾਣੀ ਨੂੰ ਬਿਨ੍ਹਾਂ ਸੋਧੇ ਨਾ ਪੈਣ ਦੇਣ ਆਦਿ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਜ਼ਿਲ੍ਹੇ ਅੰਦਰ ਲੱਗੇ ਐਸ.ਟੀ.ਪੀਜ ਦੀ ਸਮੀਖਿਆ ਕਰਦਿਆਂ ਕਿਹਾ ਕਿ ਸਬੰਧਤ ਵਿਭਾਗ ਇਹ ਯਕੀਨੀ ਬਣਾਉਣ ਕੇ ਐਸ.ਟੀ.ਪੀਜ਼ ਸਹੀ ਅਤੇ ਪੂਰੀ ਸਮਰੱਥਾ ਨਾਲ ਕੰਮ ਕਰਨ।

ਉਨ੍ਹਾਂ ਵਲੋਂ ਜ਼ਿਲ੍ਹੇ ਵਿਚ ਚਲ ਰਹੇ ਇੱਕ ਟ੍ਰੀਟਮੈਂਟ ਪਲਾਂਟਾਂ ਵਲੋਂ ਪਾਣੀ ਸਾਫ ਕਰਨ ਲਈ ਨਿਰਧਾਰਿਤ ਟੀਚਿਆਂ ਦੀ ਪ੍ਰਾਪਤੀ ਲਈ ਉਨ੍ਹਾਂ ਸੀਵਰੇਜ ਬੋਰਡ ਅਤੇ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ ਨਿਰਦੇਸ਼ ਜਾਰੀ ਕੀਤੇ।

ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੇ ਵਾਤਾਵਰਣ ਇੰਜੀਨੀਅਰ ਸਿਮਰਪ੍ਰੀਤ ਸਿੰਘ ਨੇ ਮੀਟਿੰਗ ਦੀ ਕਾਰਵਾਈ ਚਲਾਉਂਦਿਆਂ ਦੱਸਿਆ ਕਿ ਕੌਮੀ ਗਰੀਨ ਟ੍ਰਿਬਿਊਨਲ ਦੀਆਂ ਹਦਾਇਤਾਂ ਮੁਤਾਬਕ ਜਾਰੀ ਐਕਸ਼ਨ ਪਲਾਨ ਅਨੁਸਾਰ ਧਰਤੀ ਹੇਠਲੇ ਪਾਣੀ, ਹਵਾ ਤੇ ਵਾਤਾਵਰਣ ਨੂੰ ਪਲੀਤ ਹੋਣ ਤੋਂ ਰੋਕਣ ਲਈ ਸਮੁਚੀ ਪ੍ਰਕ੍ਰਿਆ ਨੂੰ ਮਿਥੇ ਸਮੇਂ ਦੇ ਅੰਦਰ ਨੇਪਰੇ ਚੜਾਇਆ ਜਾਵੇਗਾ।

ਇਸ ਮੌਕੇ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਰਿੰਪੀ ਗਰਗ,ਐਸ.ਡੀ.ਓ ਵਾਟਰ ਸਪਲਾਈ ਤੇ ਸੈਨੀਟੇਸ਼ਨ ਇੰਜ. ਰਜਿੰਦਰ ਗਰਗ,ਐਸ.ਡੀ.ਓ(ਪੀ.ਡਬਲਿਊ.ਡੀ) ਇੰਜ.ਬਲਰਾਜ ਸਿੰਘ, ਜਿਲ੍ਹਾ ਐਪੀਡੀਮਾਲੋਜਿਸਟ ਡਾ. ਮੁਨੀਰ ਮੁਹੰਮਦ, ਜੇ.ਈ ਇੰਜ ਪ੍ਰਿੰਸ ਮੋਦੀ, ਸੀਨੀਅਰ ਉਦਯੋਗਿਕ ਪ੍ਰਮੋਸ਼ਨ ਅਫਸਰ ਕਰਨਦੀਪ ਸਿੰਘ ਤੋਂ ਇਲਾਵਾ ਹੋਰ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਬਾਬਾ ਦੀਪ ਸਿੰਘ ਦੇ ਜਨਮ ਦਿਹਾੜੇ ਦੇ ਸਬੰਧ ਵਿੱਚ ਲੰਗਰ ਲਗਾਇਆ*



ਅੰਮ੍ਰਿਤਸਰ, (ਲੋਕ ਬਾਣੀ)ਗੁਰਦੁਆਰਾ ਨਾਨਕਸਰ ਸਾਹਿਬ ਰਾਮ ਤੀਰਥ ਵਿਖੇ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਦੇ ਸਬੰਧ ਵਿੱਚ ਪੂਰੀ ਛੋਲਿਆਂ ਦਾ ਲੰਗਰ ਲਗਾਇਆ ਗਿਆ, ਇਸ ਮੌਕੇ ਤੇ ਲੰਗਰ ਦੀ ਸੇਵਾ ਕਰਦੇ ਹੋਏ ਗੁਰਦੁਆਰਾ ਸਾਹਿਬ ਦੇ ਸੇਵਾਦਾਰ ਅਤੇ ਪਿੰਡ ਕਲੇਰ ਦੇ ਵਾਸੀ।

# ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਚੋਣਾਂ ਲਈ ਵੋਟਰ ਸੂਚੀਆਂ ਦੀ ਡ੍ਰਾਫਟ ਪ੍ਰਕਾਸ਼ਨਾ 10 ਫਰਵਰੀ ਨੂੰ : ਜ਼ਿਲ੍ਹਾ ਚੋਣ ਅਫ਼ਸਰ

ਜਲੰਧਰ, 6 ਫਰਵਰੀ : ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ 15 ਅਕਤੂਬਰ 2024 ਨੂੰ ਹੋਈਆਂ ਗ੍ਰਾਮ ਪੰਚਾਇਤ ਚੋਣਾਂ ਲਈ ਵੋਟਰ ਸੂਚੀਆਂ ਨੂੰ ਅਪਡੇਟ ਕੀਤਾ ਗਿਆ ਸੀ, ਜਿਨ੍ਹਾਂ ਦੀ ਅੰਤਿਮ ਪ੍ਰਕਾਸ਼ਨਾ 04-09-2024 ਨੂੰ ਕੀਤੀ ਗਈ ਸੀ ਅਤੇ ਹੁਣ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਦੀਆਂ ਆਮ ਚੋਣਾਂ-2025 ਲਈ ਇਨ੍ਹਾਂ ਵੋਟਰ ਸੂਚੀਆਂ ਦੀ ਸੁਧਾਈ ਕੀਤੀ ਜਾਣੀ ਹੈ।

ਜ਼ਿਲ੍ਹਾ ਚੋਣ ਅਫ਼ਸਰ ਨੇ ਅੱਗੇ ਦੱਸਿਆ ਕਿ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਦੀਆਂ ਆਮ ਚੋਣਾ ਲਈ ਇਨ੍ਹਾਂ ਵੋਟਰ ਸੂਚੀਆਂ ਨੂੰ ਆਧਾਰ ਵਜੋਂ ਵਰਤਿਆ ਜਾਣਾ ਹੈ, ਜੋ ਯੋਗਤਾ ਮਿਤੀ 01-03-2025 ਦੇ ਆਧਾਰ 'ਤੇ ਹੋਰ ਅਪਡੇਟ ਕੀਤੀਆਂ ਜਾਣੀਆਂ ਹਨ। ਉਨ੍ਹਾਂ ਦੱਸਿਆ ਕਿ ਵੋਟਰ ਸੂਚੀਆਂ (ਮੌਜੂਦਾ ਗ੍ਰਾਮ ਪੰਚਾਇਤ ਅਪਡੇਟਿਡ ਵੋਟਰ ਸੂਚੀਆਂ, ਜਿਨ੍ਹਾਂ ਦੀ ਅੰਤਿਮ ਪ੍ਰਕਾਸ਼ਨਾ 4.9.2024 ਨੂੰ ਹੋਈ) ਦੀ ਡ੍ਰਾਫਟ ਪ੍ਰਕਾਸ਼ਨਾ 10-02-20 25 ਨੂੰ ਕੀਤੀ ਜਾਵੇਗੀ। ਇਨ੍ਹਾਂ ਵੋਟਰ ਸੂਚੀਆਂ ਸਬੰਧੀ 11-02-2025 ਤੋਂ 18-02-2025 ਤੱਕ ਦਾਅਵੇ ਅਤੇ ਇਤਰਾਜ਼ ਸਬੰਧਿਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਵਲੋਂ ਪ੍ਰਾਪਤ ਕੀਤੇ ਜਾਣਗੇ, ਜਿਨ੍ਹਾਂ ਦਾ ਨਿਪਟਾਰਾ 27-02-2025 ਤੱਕ ਕੀਤਾ ਜਾਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਲਈ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ 03-03-2025 ਨੂੰ ਕਰ ਦਿੱਤੀ ਜਾਵੇਗੀ।

ਜ਼ਿਲ੍ਹਾ ਚੋਣ ਅਫ਼ਸਰ ਨੇ ਅੱਗੇ ਦੱਸਿਆ ਕਿ ਸਬੰਧਿਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਵਲੋਂ ਦਿਹਾਤੀ ਖੇਤਰਾਂ ਵਿੱਚ ਨਵੀਂ ਰਜਿਸਟ੍ਰੇਸ਼ਨ, ਵੋਟ ਕਟਵਾਉਣ, ਤਬਦੀਲੀ ਲਈ 14-02-2024 ਦਿਨ ਸ਼ੁੱਕਰਵਾਰ ਅਤੇ 15-02-20 25 ਦਿਨ ਸ਼ਨੀਵਾਰ ਨੂੰ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਯੋਗ ਵਿਅਕਤੀ ਆਪਣਾ ਬਿਨੈ ਪੱਤਰ ਨਵੀਂ ਵੋਟ ਰਜਿਸਟਰ ਕਰਵਾਉਣ ਲਈ ਫਾਰਮ-1, ਕਿਸੇ ਵੀ ਇਤਰਾਜ਼/ ਵੋਟ ਕਟਵਾਉਣ ਲਈ ਫਾਰਮ ਨੰ. 2 ਅਤੇ ਵੋਟਰ ਸੂਚੀ ਵਿੱਚ ਕਿਸੇ ਵੀ ਸੋਧ ਲਈ ਫਾਰਮ-3 ਦੀ ਵਰਤੋਂ ਕਰਕੇ ਕਿਸੇ ਵੀ ਕੰਮਕਾਜੀ ਦਿਨ ਸਬੰਧਿਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ (ਐਸ. ਡੀ.ਐਮਜ਼) ਨੂੰ ਦੇ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਵੋਟਰ ਸੂਚੀਆਂ ਵਿੱਚ ਦਾਅਵੇ ਅਤੇ ਇਤਰਾਜ਼ ਪੇਸ਼ ਕਰਨ ਲਈ ਫਾਰਮ ਸਬੰਧਿਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ (ਐਸ. ਡੀ.ਐਮਜ਼) ਦੇ ਦਫ਼ਤਰ ਵਿਖੇ ਉਪਲੱਬਧ ਹਨ ਜਾਂ ਇਹ ਫਾਰਮ ਰਾਜ ਚੋਣ ਕਮਿਸ਼ਨ ਦੀ ਵੈਬਸਾਈਟ <sec.punjab.gov.in> â¨º " Panchayat Election> Statutory Forms" ਮੱਦ ਤਹਿਤ ਵੀ ਡਾਊਨਲੋਡ ਕੀਤੇ ਜਾ ਸਕਦੇ ਹਨ।

ਉਨ੍ਹਾਂ ਸਮੂਹ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ-ਕਮ-ਉਪ ਮੰਡਲ ਮੈਜਿਸਟ੍ਰੇਟ ਨੂੰ ਉਕਤ ਪ੍ਰੋਗਰਾਮ ਦੀ ਸਖ਼ਤੀ ਨਾਲ ਪਾਲਣਾ ਕਰਦਿਆਂ ਸਾਰੇ ਯੋਗ ਵੋਟਰਾਂ ਦੀ ਸਮੇਂ ਸਿਰ ਰਜਿਸਟ੍ਰੇਸ਼ਨ ਯਕੀਨੀ ਬਣਾਉਣ ਦੀ ਹਦਾਇਤ ਕੀਤੀ।

# ਸ਼ੋਭਾ ਯਾਤਰਾ ਦੇ ਮੱਦੇਨਜ਼ਰ ਜ਼ਿਲ੍ਹਾ ਜਲੰਧਰ ਦੀ ਹੱਦ 'ਚ ਆਉਂਦੇ ਸਾਰੇ ਸਰਕਾਰੀ/ਗੈਰ ਸਰਕਾਰੀ ਸਕੂਲਾਂ/ ਕਾਲਜਾਂ 'ਚ 11 ਫਰਵਰੀ ਨੂੰ ਛੁੱਟੀ ਦਾ ਐਲਾਨ



ਜਲੰਧਰ, 6 ਫਰਵਰੀ : ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ 11 ਫਰਵਰੀ ਨੂੰ ਜ਼ਿਲ੍ਹਾ ਜਲੰਧਰ ਵਿੱਚ ਕੱਢੀ ਜਾਣ ਵਾਲੀ ਵਿਸ਼ਾਲ ਸ਼ੋਭਾ ਯਾਤਰਾ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਅਤੇ ਸਕੂਲਾਂ/ਕਾਲਜਾਂ ਦੇ ਵਿਦਿਆਰਥੀਆਂ ਦੀ ਸਹੂਲਤ ਅਤੇ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਜ਼ਿਲ੍ਹਾ ਜਲੰਧਰ ਦੀ ਹੱਦ ਅੰਦਰ ਆਉਂਦੇ ਸਾਰੇ ਸਰਕਾਰੀ/ਗੈਰ-ਸਰਕਾਰੀ ਸਕੂਲਾਂ/ ਕਾਲਜਾਂ ਵਿੱਚ 11 ਫਰਵਰੀ 2025 ਨੂੰ ਛੁੱਟੀ ਦਾ ਐਲਾਨ ਕੀਤਾ ਗਿਆ ਹੈ।

ਹੁਕਮਾਂ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਜਿਨ੍ਹਾਂ ਸਕੂਲਾਂ/ਕਾਲਜਾਂ ਵਿੱਚ ਬੋਰਡ/ ਯੂਨੀਵਰਸਿਟੀ ਦੀਆਂ ਪ੍ਰੀਖਿਆਵਾਂ ਉਕਤ ਮਿਤੀ 'ਤੇ ਨਿਰਧਾਰਿਤ ਹਨ, ਉਨ੍ਹਾਂ ਸਬੰਧਤ ਜਮਾਤਾਂ 'ਤੇ ਇਸ ਛੁੱਟੀ ਦੇ ਹੁਕਮ ਲਾਗੂ ਨਹੀਂ ਹੋਣਗੇ।

# ਏ.ਡੀ.ਜੀ. ਅਲੋਕ ਸਿੰਘ ਦੀ ਅਗਵਾਈ ਦੇ ਹੁਨਰ ਸਦਕਾ ਕਾਨਪੁਰ ਜ਼ੋਨ ਜਨਹਿੱਤ ਵਿੱਚ ਪਹਿਲਾ ਸਥਾਨ ਸਾਬਤ ਹੋਇਆ।

ਕਾਨਪੁਰ (ਸੁਨੀਲ ਬਾਜਪਾਈ ) ਇੱਥੇ, ਕਾਨਪੁਰ ਜ਼ੋਨ, ਜਿਸ ਵਿੱਚ ਅੱਠ ਜ਼ਿਲ੍ਹਿਆਂ ਕਾਨਪੁਰ ਦੇਹਤ, ਇਟਾਵਾ, ਔਰਈਆ, ਕਨੌਜ, ਫਤਿਹਗੜ੍ਹ, ਜਾਲੌਨ, ਲਲਿਤਪੁਰ ਅਤੇ ਝਾਂਸੀ ਦਾ ਅਧਿਕਾਰ ਖੇਤਰ ਹੈ, ਅਪਰਾਧੀਆਂ ਵਿਰੁੱਧ ਕਾਨੂੰਨ ਅਤੇ ਵਿਵਸਥਾ ਦੇ ਪੱਖ ਵਿੱਚ ਹਰ ਨਜ਼ਰੀਏ ਤੋਂ ਮੋਹਰੀ ਹੈ। ਘਟਨਾਵਾਂ ਦੇ ਸਹੀ ਖੁਲਾਸੇ ਅਤੇ ਅਪਰਾਧੀਆਂ ਦੀ ਗ੍ਰਿਫਤਾਰੀ ਦਾ ਮਾਮਲਾ ਹੋਵੇ ਜਾਂ ਜਨਤਕ ਸਮੱਸਿਆਵਾਂ ਦੇ ਹੱਲ ਨਾਲ ਸਬੰਧਤ ਆਈ.ਜੀ.ਆਰ.ਐਸ. ਹਾਲ ਹੀ ਵਿੱਚ, ਇਸ ਨੇ ਇੱਕ ਵਾਰ ਫਿਰ ਸੰਗਠਿਤ ਸ਼ਿਕਾਇਤ ਨਿਵਾਰਣ ਪ੍ਰਣਾਲੀ (97♣♥) ਦੁਆਰਾ ਸ਼ਿਕਾਇਤਾਂ ਦੇ ਨਿਪਟਾਰੇ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ, ਕਾਨਪੁਰ ਜ਼ੋਨ ਦੇ ਇਟਾਵਾ, ਔਰਈਆ, ਫਤਿਹਗੜ੍ਹ, ਕਨੌਜ, ਝਾਂਸੀ, ਜਾਲੌਨ ਅਤੇ ਲਲਿਤਪੁਰ ਨੇ ਰਾਜ ਪੱਧਰ ਤੇ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਜ਼ੋਨ ਦੇ ਕੁੱਲ 139 ਥਾਣਿਆਂ ਵਿੱਚੋਂ 133 ਥਾਣਿਆਂ ਨੇ ਪਹਿਲਾ ਦਰਜਾ ਪ੍ਰਾਪਤ ਕੀਤਾ ਹੈ।



ਤੁਹਾਨੂੰ ਦੱਸ ਦੇਈਏ ਕਿ ਅੱਜ ਕੱਲ੍ਹ 147 ਵਜੋਂ ਕਾਨਪੁਰ ਜ਼ੋਨ ਦੀ ਕਮਾਨ ਸੀਨੀਅਰ ਆਈਪੀਐਸ ਅਲੋਕ ਸਿੰਘ ਦੇ ਹੱਥਾਂ ਵਿੱਚ ਹੈ, ਜੋ ਭਾਰਤ ਦੇ ਸਭ ਤੋਂ ਫਰਜ਼ਦਾਰ ਅਤੇ ਇਮਾਨਦਾਰ ਆਈਪੀਐਸ ਅਧਿਕਾਰੀਆਂ ਵਿੱਚੋਂ ਇੱਕ ਹਨ, ਜੋ ਕਾਨਪੁਰ ਜ਼ੋਨ ਦੇ 147 ਵਜੋਂ ਨੋਇਡਾ ਦੇ ਪਹਿਲੇ ਸਫਲ ਅਤੇ ਵਧੀਆ ਪੁਲਿਸ ਕਮਿਸ਼ਨਰ ਵੀ ਰਹਿ ਚੁੱਕੇ ਹਨ।

ਵਿਹਾਰਕ ਹੁਨਰ ਦੇ ਅਮੀਰ ਮੰਨੇ ਜਾਂਦੇ ਸੀਨੀਅਰ ਆਈਪੀਐਸ ਏਡੀਜੀ ਅਲੋਕ ਸਿੰਘ ਦਾ ਲੜਾਈ ਦਾ ਇਤਿਹਾਸ, ਜੋ ਕਿ ਇੱਕ ਸ਼ਲਾਘਾਯੋਗ ਅਤੇ ਮਿਸਾਲੀ ਕੰਮ ਕਰਨ ਦੀ ਸ਼ੈਲੀ ਹੈ, ਅਤੇ ਇੱਕ ਬਹਾਦਰੀ ਵਾਲਾ ਸੁਭਾਅ ਵੀ ਮੰਨਿਆ ਜਾਂਦਾ ਹੈ, ਇਹ ਸਾਬਤ ਕਰਦਾ ਹੈ ਕਿ ਉਨ੍ਹਾਂ ਦੀ ਡਿਊਟੀ ਪ੍ਰਤੀ ਅਥਾਹ ਸਮਰਪਣ, ਛੋਟੀ ਤੋਂ ਛੋਟੀ ਘਟਨਾ ਨੂੰ ਵੀ ਪੂਰੀ ਗੰਭੀਰਤਾ ਨਾਲ ਲੈਂਦਿਆਂ, ਪੀੜਤਾਂ ਦੇ ਵਿਰੁੱਧ ਪੂਰੀ ਤਰ੍ਹਾਂ ਪ੍ਰਭਾਵੀ ਕਾਰਵਾਈ ਕਰਨ ਅਤੇ ਲਾਪਰਵਾਹੀ ਨਾਲ ਕਾਰਵਾਈ ਕਰਨ ਵਿੱਚ ਮਦਦ ਕਰਦਾ ਹੈ ਐਸ. ਜੋ ਵੀ ਉਨ੍ਹਾਂ ਕੋਲ ਜਾਂਦਾ ਹੈ। ਉਹ ਨਿਰਾਸ਼ ਹੋ ਕੇ ਨਹੀਂ ਪਰਤਦਾ। ਜਿੱਥੋਂ ਤੱਕ ਕਾਨੂੰਨ ਅਤੇ ਵਿਵਸਥਾ ਦੇ ਖੇਤਰ ਵਿੱਚ ਸਫਲਤਾ ਦਾ ਸਵਾਲ ਹੈ। ਕਾਨਪੁਰ ਜ਼ੋਨ ਦੇ ਜੁਝਾਰੂ ਏਡੀਜੀ ਅਲੋਕ ਸਿੰਘ ਦੀ ਅਗਵਾਈ ਦਾ ਹੁਨਰ ਯੋਗੀ ਸਰਕਾਰ ਦੇ ਇਰਾਦੇ ਅਨੁਸਾਰ ਲੋਕ ਹਿੱਤ ਵਿੱਚ ਹਰ ਨਜ਼ਰੀਏ ਤੋਂ ਸਫਲ ਸਾਬਤ ਹੋਇਆ ਹੈ।

# ਪਿੰਡ ਸਾਹਨੀ ਵਿਖੇ 12 ਤੋਂ 14 ਤੱਕ ਮਨਾਇਆ ਜਾਵੇਗਾ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਦਾ 648ਵਾਂ ਪ੍ਰਕਾਸ਼ ਦਿਹਾੜਾ

ਫਗਵਾੜਾ 6 ਫਰਵਰੀ ( ਸੁਸ਼ੀਲ ਸ਼ਰਮਾ ) ਸ਼੍ਰੀ ਗੁਰੂ ਰਵਿਦਾਸ ਸਭਾ ਭਲਾਈ ਕਮੇਟੀ ਪਿੰਡ ਸਾਹਨੀ ਤਹਿਸੀਲ ਫਗਵਾੜਾ ਵਲੋਂ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਦਾ 648ਵਾਂ ਪ੍ਰਕਾਸ਼ ਦਿਹਾੜਾ ਪਿੰਡ ਦੀ ਸ਼੍ਰੀ ਗੁਰੂ ਰਵਿਦਾਸ ਧਰਮਸ਼ਾਲਾ ਵਿਖੇ ਮਿਤੀ 12 ਤੋਂ 14 ਫਰਵਰੀ ਤੱਕ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਵਧੇਰੇ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ 12 ਫਰਵਰੀ ਨੂੰ ਸਵੇਰੇ ਸ਼੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ। ਸ਼ਾਮ 6 ਤੋਂ ਰਾਤ 9 ਵਜੇ ਤੱਕ ਮਾਸਟਰ ਮਲੂਕ ਚੰਦ (ਜਾਡਲਾ) ਦਾ ਜੱਥਾ ਸੰਗਤਾਂ ਨੂੰ ਕੀਰਤਨ ਸਰਵਣ ਕਰਵਾਏਗਾ। ਉਹਨਾਂ ਦੱਸਿਆ ਕਿ 14 ਫਰਵਰੀ ਦਿਨ ਸ਼ੁੱਕਰਵਾਰ ਨੂੰ ਸਵੇਰੇ 10 ਵਜੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਭਾਈ ਗੁਰਮੁਖ ਸਿੰਘ (ਹੁਸ਼ਿਆਰਪੁਰ) ਸੰਗਤਾਂ ਨੂੰ ਕਥਾ ਕੀਰਤਨ ਰਾਹੀਂ ਨਿਹਾਲ ਕਰਨਗੇ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਉਹਨਾਂ ਦੱਸਿਆ ਕਿ ਸਮਾਗਮ ਦੀਆਂ ਤਿਆਰੀਆਂ ਜੋਰ-ਸ਼ੋਰ ਨਾਲ ਜਾਰੀ ਹਨ। ਉਹਨਾਂ ਸਮੂਹ ਸੰਗਤਾਂ ਨੂੰ ਇਸ ਧਾਰਮਿਕ ਸਮਾਗਮ ਵਿਚ ਸ਼ਾਮਲ ਹੋਣ ਦੀ ਪੁਰਜੋਰ ਅਪੀਲ ਕੀਤੀ। ਇਸ ਮੌਕੇ ਸਭਾ ਦੇ ਸਮੂਹ ਅਹੁਦੇਦਾਰ, ਮੈਂਬਰ ਤੇ ਪਤਵੰਤੇ ਹਾਜਰ ਸਨ।




# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸ਼ੇਰ ਮਾਜਰਾ ਵਿਖੇ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਮੁਫਤ ਕਾਨੂੰਨੀ ਸੇਵਾਵਾਂ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ।

ਪਟਿਆਲਾ, 6 ਫਰਵਰੀ

ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਸਰਪ੍ਰਸਤੀ ਹੇਠ ਮੈਡਮ ਦੀਪਤੀ ਗੋਇਲ ਚੀਫ਼ ਜੁਡੀਸ਼ੀਅਲ ਮੈਜਿਸਟ੍ਰੇਟ ਕਮ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਦੀ ਅਗਵਾਈ ਹੇਠ ਇੱਕ ਮੁਫ਼ਤ ਕਾਨੂੰਨੀ ਸੇਵਾਵਾਂ ਜਾਗਰੂਕਤਾ ਸੈਮੀਨਾਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸ਼ੇਰ ਮਾਜਰਾ, ਪਟਿਆਲਾ ਵਿਖੇ ਸਿੱਖਿਆ ਵਿਭਾਗ, ਟ੍ਰੈਫਿਕ ਐਜੂਕੇਸ਼ਨ ਸੈੱਲ ਅਤੇ ਸਕੂਲ ਮੈਨੇਜਮੈਂਟ ਕਮੇਟੀ ਦੇ ਸਹਿਯੋਗ ਨਾਲ ਸਕੂਲ ਪ੍ਰਬੰਧਕ ਕਮੇਟੀ ਅਤੇ ਮੈਡਮ ਬਲਵੀਰ ਕੌਰ ਦੀ ਦੇਖ-ਰੇਖ ਹੇਠ ਲਗਾਇਆ ਗਿਆ।

ਇਸ ਮੌਕੇ ਉੱਘੇ ਸਮਾਜ ਸੇਵੀ ਭਗਵਾਨ ਦਾਸ ਗੁਪਤਾ, ਪੈਰਾ ਲੀਗਲ ਵਲੰਟੀਅਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਨੇ ਸੈਮੀਨਾਰ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ, ਅਧਿਆਪਕਾਂ ਅਤੇ ਮਿਡ ਡੇ ਮੀਲ ਵਰਕਰਾਂ ਨੂੰ ਮੁਫ਼ਤ ਕਾਨੂੰਨੀ ਸੇਵਾਵਾਂ ਅਤੇ ਲੋਕ ਅਦਾਲਤਾਂ ਦੇ ਲਾਭਾਂ ਬਾਰੇ ਦੱਸਿਆ।



ਭਗਵਾਨ ਦਾਸ ਗੁਪਤਾ ਨੇ ਅਥਾਰਟੀ ਦੁਆਰਾ ਮੁਹੱਈਆ ਕਰਵਾਈਆਂ ਜਾਂਦੀਆਂ ਮੁਫ਼ਤ ਕਾਨੂੰਨੀ ਸੇਵਾਵਾਂ ਜਿਵੇਂ ਕਿ ਪੋਕਸੋ ਐਕਟ ਅਤੇ ਪੰਜਾਬ ਵਿਕਟਮ ਕੰਪਨਸੇਸ਼ਨ ਸਕੀਮ-2017 ਬਾਰੇ ਦੱਸਿਆ।

ਉਨ੍ਹਾਂ ਲੋਕਾਂ ਨੂੰ ਨੈਸ਼ਨਲ ਲੋਕ ਅਦਾਲਤ ਅਤੇ ਅਥਾਰਟੀ ਦੇ ਟੋਲ ਫਰੀ ਨੰਬਰ 15100 ਬਾਰੇ ਵੀ ਜਾਣਕਾਰੀ ਦਿੱਤੀ।

ਸਕੂਲ ਦੇ ਵਾਈਸ ਪ੍ਰਿੰਸੀਪਲ ਵਿਨੋਦ ਕੁਮਾਰ ਨੇ ਲੋਕਾਂ ਨੂੰ ਮੁਫ਼ਤ ਕਾਨੂੰਨੀ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਵਾਈਸ ਪ੍ਰਿੰਸੀਪਲ ਵਿਨੋਦ ਕੁਮਾਰ, ਸਮੂਹ ਅਧਿਆਪਕ ਅਤੇ ਮਿਡ-ਡੇ-ਮੀਲ ਵਰਕਰ ਵੀ ਹਾਜ਼ਰ ਸਨ।

# ਬ੍ਰਹਮਲੀਨ ਸ਼੍ਰੀਮਾਨ 108 ਸੰਤ ਬਾਬਾ ਗੋਬਿੰਦ ਦਾਸ ਦੇ ਬਰਸੀ ਸਮਾਗਮ 'ਚ ਸ਼ਾਮਲ ਹੋਏ ਜੋਗਿੰਦਰ ਸਿੰਘ ਮਾਨ



ਫਗਵਾੜਾ 6 ਫਰਵਰੀ ( ਸੁਸ਼ੀਲ ਸ਼ਰਮਾ ) ਆਮ ਆਦਮੀ ਪਾਰਟੀ ਹਲਕਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਨੇ ਅੱਜ ਮੁਹੱਲਾ ਗੋਬਿੰਦਪੁਰਾ ਵਿਖੇ ਬ੍ਰਹਮਲੀਨ ਸ਼੍ਰੀਮਾਨ 108 ਸੰਤ ਬਾਬਾ ਗੋਬਿੰਦ ਦਾਸ ਜੀ ਦੀ 57ਵੀਂ ਬਰਸੀ ਮੌਕੇ ਕਰਵਾਏ ਸਮਾਗਮ ਵਿੱਚ ਹਾਜ਼ਰੀ ਲਗਵਾਈ ਅਤੇ ਸੰਤਾਂ ਮਹਾਂਪੁਰਸ਼ਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਉਹਨਾਂ ਹਾਜਰੀਨ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗੁਰੂਆਂ, ਪੀਰਾਂ, ਫਕੀਰਾਂ ਅਤੇ ਸੰਤਾਂ ਮਹਾਪੁਰਸ਼ਾਂ ਨੇ ਸਾਨੂੰ ਕਿਰਤ ਕਰਨ, ਨਾਮ ਜਪਣ ਤੇ ਵੰਡ ਛਕਣ ਦਾ ਸੁਨੇਹਾ ਦਿੱਤਾ ਹੈ। ਸਾਨੂੰ ਉਹਨਾਂ ਦੇ ਪਾਏ ਪੂਰਨਿਆਂ ਤੇ ਚੱਲਣਾ ਚਾਹੀਦਾ ਹੈ। ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਦੇਸਰਾਜ ਅਤੇ ਪ੍ਰਬੰਧਕਾਂ ਵਲੋਂ ਜੋਗਿੰਦਰ ਸਿੰਘ ਮਾਨ ਅਤੇ ਉਹਨਾਂ ਦੇ ਨਾਲ ਪਹੁੰਚੇ ਡਿਪਟੀ ਮੇਅਰ ਵਿੱਕੀ ਸੂਦ, ਗੁਰਦੀਪ ਸਿੰਘ ਦੀਪਾ, ਵਿਜੇ ਬਸੰਤ ਨਗਰ, ਰੀਟਾ ਰਾਣੀ, ਮੋਨਿਕਾ, ਜਸਦੇਵ ਪ੍ਰਿੰਸ, ਰਵਿੰਦਰ ਰਵੀ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜਰੀ ਲਗਵਾਈ ਅਤੇ ਮਹਾਪੁਰਸ਼ਾਂ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਲੰਗਰ ਦੀ ਸੇਵਾ ਅਤੁੱਟ ਵਰਤਾਈ ਗਈ।

# ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 648ਵੇਂ ਜਨਮ ਦਿਹਾੜੇ ਮੌਕੇ ਪ੍ਰਭਾਤ ਫੇਰੀ ਦਾ ਦਰਬਾਰ ਦਾਤਾ ਅਲੀ ਅਹਿਮਦ ਸਾਬਰੀ ਸ਼ੀਲਾ ਮੰਹਤ ਸਾਬਰੀ ਬਾਬਾ ਅਸੋਕ ਸ਼ਾਹ ਕਾਦਰੀ ਦਰਬਾਰ ਭਗਤਪੁਰਾ ਵਿਖੇ ਪਹੁੰਚਣ ਤੇ ਹੋਇਆ ਨਿੱਘਾ ਸਵਾਗਤ

ਫਗਵਾੜਾ (ਸੁਸ਼ੀਲ ਸ਼ਰਮਾ) ਸ਼੍ਰੀ ਗੁਰੂ ਰਵਿਦਾਸ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਇਲਾਕਾ ਰਾਮਪੁਰਾ ਸ੍ਰੀ ਗੁਰੂ ਰਵਿਦਾਸ ਮੰਦਰ ਕਮੇਟੀ ਵਲੋਂ ਪ੍ਰਭਾਤ ਫੇਰੀਆਂ ਕੱਢੀਆਂ ਜਾ ਰਹੀਆਂ ਹਨ ਇਸੇ ਤਹਿਤ ਅੱਜ ਸ਼ਾਮ ਦਰਬਾਰ ਦਾਤਾ ਅਲੀ ਅਹਿਮਦ ਸਾਬਰੀ ਸ਼ੀਲਾ ਮੰਹਤ ਸਾਬਰੀ ਬਾਬਾ ਅਸੋਕ ਸ਼ਾਹ ਕਾਦਰੀ ਦਰਬਾਰ ਭਗਤਪੁਰਾ ਵਿਖੇ ਪਹੁੰਚੀ, ਜਿੱਥੇ ਇਸ ਪ੍ਰਭਾਤ ਫੇਰੀ ਦਾ ਡੇਰਾ ਮੁਖੀ ਹਾਜੀ ਜੋਤੀ ਮੰਹਤ ਗੱਦੀ ਨਸ਼ੀਨ ਭਗਤਪੁਰਾ ਵੱਲੋਂ ਫੁੱਲਾਂ ਦੀ ਵਰਖਾ ਕਰ ਉਤਸ਼ਾਹ ਨਾਲ ਸਵਾਗਤ ਕੀਤਾ ਗਿਆ ਇਸ ਮੌਕੇ ਮੁੱਹਲਾ ਰਾਮਪੁਰਾ ਸ੍ਰੀ ਗੁਰੂ ਰਵਿਦਾਸ ਧਰਮਸ਼ਾਲਾ ਐਸ ਸੀ ਰਜਿ ਪੰਜਾਬ ਫਗਵਾੜਾ ਦੇ ਕੀਰਤਨ ਮੰਡਲੀ ਵਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਸ਼ਬਦ ਗਾਇਨ ਕਰ *ਜਿਹੜਾ ਕਾਂਸ਼ੀ ਚ ਰਹਿੰਦਾ ਹੈ ਮੈ ਲੜ ਫੜ ਲਿਆ ਉਹ ਸਤਗੁਰ ਦਾ* ਗੁਣਗਾਣ ਗਾ ਗੁਰੂ ਰਵਿਦਾਸ ਮਹਾਰਾਜ ਜੀ ਨੂੰ ਯਾਦ ਕੀਤਾ ਗਿਆ ਇਸ ਮੌਕੇ ਪ੍ਰਭਾਤ ਫੇਰੀ ਨਾਲ ਆਈ ਹੋਈ ਸੰਗਤਾਂ ਲਈ ਚਾਹ, ਬਰੈੱਡ ਪਕੌੜੇ ਦਾ ਲੰਗਰ ਲਗਾਇਆ ਗਿਆ ਇਸ ਮੌਕੇ ਸ਼੍ਰੀ ਗੁਰੂ ਰਵਿਦਾਸ ਮੰਦਰ ਕਮੇਟੀ ਰਾਮਪੁਰਾ ਪ੍ਰਧਾਨ ਮਹਿੰਦਰ ਪਾਲ ਵੱਲੋਂ ਡੇਰੇ ਦੇ ਮੁੱਖ ਸੇਵਾਦਾਰ ਜੋਤੀ ਮੰਹਤ ਦਾ ਸਰੋਪਾ ਪਾ ਕੇ ਅਤੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ ਸਰੂਪ ਭੇਟ ਕਰਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਨੀਸ਼ਾ ਮੰਹਤ , ਗੋਰੀ ਮੰਹਤ , ਅਨੂੰ ਸਹੋਤਾ, ਅਸ਼ਵਨੀ ਸਹੋਤਾ , ਮੰਗਾ , ਸ਼ੋਕਤ ਅਲੀ , ਰਮੇਸ਼ , ਜੋਨੀ , ਸਮਾਜ ਸੇਵੀ ਡਾ ਰਮਨ , ਜੀਵਨ ਸੰਘਾ , ਨਰਿੰਦਰਪਾਲ ਸਿੰਘ ਮਾਹੀ , ਗੋਪੀ ਬੇਦੀ , ਹਰੀ ਓਮ ਗੁਪਤਾ , ਅਵਤਾਰ ਕਰੜਾ , ਸਾਬਕਾ ਕੌਂਸਲਰ ਬੀਬੀ ਸਰਬਜੀਤ ਕੌਰ , ਕੌਂਸਲਰ ਰੀਨਾ ਰਾਣੀ , ਸੰਜੀਵ ਕੁਮਾਰ ਟੀਟੂੰ , ਸਾਬਕਾ ਕੌਂਸਲਰ ਬੀਬੀ ਪ੍ਰਮਜੀਤ ਕੌਰ ਕੰਬੋਜ , ਵਰਿੰਦਰ ਸਿੰਘ ਕੰਬੋਜ, ਸੁਸ਼ੀਲ ਕੁਮਾਰ ਖੁਤਣ , ਬਨਾਰਸੀ ਦਾਸ , ਨਿਰਮਲ ਲਾਲ , ਸ਼ਾਮ ਲਾਲ , ਜਸਵਿੰਦਰ ਕੁਮਾਰ , ਰੀਨੂੰ , ਪੰਕਜ , ਅਨੁੰਜਾ ਪਾਲ , ਬਬਲੀ , ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਮੌਜੂਦ ਸਨ





# ਕੇਂਦਰੀ ਜੇਲ੍ਹ ਚ ਕੈਦੀਆਂ ਦੀ ਹੈਪੇਟਾਈਟਸ ਦੀ ਸਕਰੀਨਿੰਗ



ਫ਼ਗਵਾੜਾ 6 ਫਰਵਰੀ (ਸੁਸ਼ੀਲ ਸ਼ਰਮਾ) ਸਿਵਲ ਸਰਜਨ ਕਪੂਰਥਲਾ ਡਾ.ਰਿਚਾ ਭਾਟੀਆ ਦੀ ਅਗਵਾਈ ਹੇਠ ਅਤੇ ਜੇਲ੍ਹ ਸੁਪਰਡੈਂਟ ਸ਼ਾਮਲ ਜੋਤੀ ਦੇ ਸਹਿਯੋਗ ਨਾਲ ਕੇਂਦਰੀ ਜੇਲ੍ਹ ਕਪੂਰਥਲਾ ਵਿਖੇ ਹੈਪੇਟਾਈਟਸ ਸੀ ਦੇ ਵਾਇਰਸ ਨੂੰ ਫੈਲਣ ਤੋਂ ਰੋਕਣ ਅਤੇ ਹੈਪੇਟਾਈਟਸ ਕਾਰਨ ਹੋਣ ਵਾਲੀਆਂ ਮੌਤਾਂ ਨੂੰ ਕੰਟਰੋਲ ਕਰਨ ਦੇ ਉਦੇਸ਼ ਕੈਦੀਆਂ ਦੀ ਹੈਪੇਟਾਈਟਸ ਸੀ ਦੀ ਜਾਂਚ ਸਬੰਧੀ ਵਿਸ਼ੇਸ਼ ਕੈਂਪ ਲਗਾਇਆ ਗਿਆ। ਇਸ ਮੌਕੇ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਕਪੂਰਥਲਾ ਡਾ.ਰਿਚਾ ਭਾਟੀਆ ਅਤੇ ਹੈਪੇਟਾਈਟਸ ਕੰਟਰੋਲ ਪ੍ਰੋਗਰਾਮ ਦੇ ਨੋਡਲ ਅਫ਼ਸਰ ਡਾ. ਭਰਮਿੰਦਰ ਸਿੰਘ ਬੈਂਸ ਨੇ ਸਾਂਝੇ ਤੌਰ ਤੇ ਦੱਸਿਆ ਕਿ ਪੰਦਰਵਾੜੇ ਤਹਿਤ ਵਿਸ਼ੇਸ਼ ਕੈਂਪ ਲਗਾਕੇ ਹੈਪੇਟਾਈਟਸ ਸੀ ਦੀ ਸਕਰੀਨਿੰਗ ਕੀਤੀ ਗਈ। ਉਨ੍ਹਾਂ ਦੱਸਿਆ ਕਿ ਹੈਪੇਟਾਈਟਸ ਸੀ ਦਾ ਪ੍ਰੋਗਰਾਮ ਪਹਿਲਾਂ ਹੀ ਪੰਜਾਬ ਵਿਚ ਮੁੱਖ ਮੰਤਰੀ ਪੰਜਾਬ ਹੈਪੇਟਾਈਟਸ ਕੰਟਰੋਲ ਪ੍ਰੋਗਰਾਮ ਦੇ ਤਹਿਤ ਚੱਲ ਰਿਹਾ ਹੈ,ਜਿਸ ਦੇ ਤਹਿਤ ਹੈਪੇਟਾਈਟਸ ਬੀਮਾਰੀ ਦੇ ਟੈਸਟ ਅਤੇ ਇਲਾਜ ਸਰਕਾਰੀ ਹਸਪਤਾਲਾਂ ਵਿਚ ਮੁਫਤ ਹੁੰਦਾ ਹੈ। ਜ਼ਿਕਰਯੋਗ ਹੈ ਇਸ ਮੌਕੇ ਹੈਪੇਟਾਈਟਸ ਸੀ ਦੀ ਸਕਰੀਨਿੰਗ ਦੇ ਨਾਲ-ਨਾਲ 100 ਦਿਨਾਂ ਟੀਬੀ ਜਾਗਰੂਕਤਾ ਮੁਹਿੰਮ ਤਹਿਤ ਵੀ ਕੈਦੀਆਂ ਦੀ ਟੀਬੀ ਦੀ ਸਕਰੀਨਿੰਗ ਵੀ ਕੀਤੀ ਗਈ। ਪੌਜਟਿਵ ਆਉਣ ਵਾਲੇ ਮਰੀਜ਼ਾਂ ਨੂੰ ਮੁਫ਼ਤ ਦਵਾਈ ਅਤੇ ਇਲਾਜ ਦੀ ਸੁਵਿਧਾ ਮੁਹੱਈਆ ਕਰਵਾਈ ਜਾਵੇਗੀ। ਇਸ ਮੌਕੇ ਡੀਐਫਪੀਓ ਡਾ.ਅਸ਼ੋਕ ਕੁਮਾਰ, ਡਿਪਟੀ ਮਾਸ ਮੀਡੀਆ ਅਫ਼ਸਰ ਸ਼ਰਨਦੀਪ ਸਿੰਘ, ਸੁਖਦਿਆਲ ਸਿੰਘ, ਬੀਈਈ ਰਵਿੰਦਰ ਜੱਸਲ,ਨਿਸ਼ਾਤ ਕੁਮਾਰ, ਸਿਵਲ ਹਸਪਤਾਲ ਦੀ ਡਾਕਟਰਾਂ ਦੀ ਟੀਮ ਅਤੇ ਪੈਰਾ ਮੈਡੀਕਲ ਸਟਾਫ ਮੈਂਬਰ ਹਾਜ਼ਰ ਸਨ।

# ਨਗਰ ਘੜੂੰਆਂ ਦੇ ਵੱਖ-ਵੱਖ ਵਾਰਡਾਂ ਵਿੱਚ ਵਿਕਾਸ ਕਾਰਜਾਂ ਦੇ ਵਿਧਾਇਕ ਡਾ.ਚਰਨਜੀਤ ਸਿੰਘ ਵਲੋਂ ਕੀਤੇ ਉਦਘਾਟਨ

ਖਰੜ, 6 ਫਰਵਰੀ (ਕਾਲਾ ਸਿੰਘ ਸੈਣੀ )- ਨਗਰ ਘੜੂੰਆਂ ਦੇ ਵੱਖ-ਵੱਖ ਵਾਰਡਾਂ ਵਿੱਚ ਹਲਕਾ ਸ੍ਰੀ ਚਮਕੌਰ ਸਾਹਿਬ ਤੋਂ ਵਿਧਾਇਕ ਡਾ.ਚਰਨਜੀਤ ਸਿੰਘ ਵਲੋਂ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਗਏ। ਇਸ ਮੌਕੇ ਉਨਾਂ ਘੜੂੰਆਂ ਵਿਖੇ ਪਰਜਾਪਤ ਭਾਈਚਾਰੇ ਲਈ ਸ਼ੈਡ ਬਣਾਉਣ ਦੇ ਉਦਘਾਟਨ ਸਮੇਂ ਗੱਲਬਾਤ ਕਰਦਿਆਂ ਕਿਹਾ ਕਿ ਨਗਰ ਘੜੂੰਆਂ ਦਾ ਮਾਸਟਰ ਪਲਾਟ ਜਲਦ ਹੀ ਜਾਰੀ ਹੋ ਜਾਵੇਗਾ ਅਤੇ ਨਗਰ ਘੜੂੰਆਂ ਇਕ ਬਹੁਤ ਵੀ ਸੁੰਦਰ ਸ਼ਹਿਰ ਲੋਕਾਂ ਲਈ ਖਿੱਚ ਦੇ ਕੇਂਦਰ ਬਣੇਗਾ। ਉਨਾਂ ਦੱਸਿਆ ਕਿ ਅੱਜ ਪਿੰਡ ਸਕਰੂੱਲਾਂਪੁਰ ਵਿਖੇ ਸਮਸ਼ਾਨਘਾਟ ਦਾ ਉਦਘਾਟਨ ਕੀਤਾ ਹੈ ਜਿੱਥੇ ਟਾਇਲਾਂ ਲੱਗਣੀਆਂ ਹਨ ਅਤੇ ਚਾਰ ਦੀਵਾਰੀ ਹੋਣੀ ਹੈ। ਜਿਸ ਵਿੱਚ 24 ਲੱਖ ਰੁਪਏ ਖਰਚ ਹੋਣਗੇ। ਉਨਾਂ ਦੱਸਿਆ ਕਿ ਦੂਸਰਾ ਸਕਰੂੱਲਾਂਪੁਰ ਵਿਖੇ ਆਂਗਨਵਾੜੀ ਸੈਂਟਰ ਦਾ ਉਦਘਾਟਨ ਕੀਤਾ ਹੈ ਇਸ ਤੇ 18 ਲੱਖ ਰੁਪਏ ਦੀ ਲਾਗਤ ਆਵੇਗੀ। ਉਨਾਂ ਦੱਸਿਆ ਕਿ ਜੋ ਨਗਰ ਘੜੂੰਆਂ ਵਿਖੇ ਪਰਜਾਪਤ ਭਾਈਚਾਰੇ ਲਈ ਜੋ ਸ਼ੈਡ ਬਣਾਉਣ ਦਾ ਉਦਘਾਟਨ ਕੀਤਾ ਗਿਆ ਹੈ ਜੋ ਕਿ ਤਕਰੀਬਨ 8 ਲੱਖ 31 ਹਜਾਰ ਰੁਪਏ ਦੀ ਲਾਗਤ ਨਲ ਬਣ ਕੇ 2 ਮਹੀਨੇ ਵਿੱਚ ਤਿਆਰ ਹੋ ਜਾਵੇਗਾ। ਉਨਾਂ ਕਿਹਾ ਕਿ ਘੜੂੰਆਂ ਦੇ ਪਾਣੀ ਦੀ ਨਿਕਾਸੀ ਦੀ ਸਮੱਸਿਆ ਦਾ ਹੱਲ ਕਰਨ ਲਈ ਜਲਦ ਹੀ ਪਲਾਂਟ ਲਗਾਇਆ ਜਾ ਰਿਹਾ ਹੈ ਜਿਸ ਦੇ ਲੱਗਣ ਨਾਲ ਨਗਰ ਪੰਚਾਇਤ ਘੜੂੰਆਂ ਵਿੱਚ ਨਿਕਾਸੀ ਪਾਣੀ ਦੀ ਸਮੱਸਿਆ ਦਾ ਹੱਲ ਹੋ ਜਾਵੇਗਾ। ਇਸ ਮੌਕੇ ਨਗਰ ਨਿਵਾਸੀ ਹਾਜਰ ਸਨ



# ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵਲੋਂ ਲੀਗਲ ਏਡ ਸਬੰਧੀ ਸੈਮੀਨਾਰ

ਫਗਵਾੜਾ 6 ਫਰਵਰੀ (ਸੁਸ਼ੀਲ ਸ਼ਰਮਾ) ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ.ਏ.ਐਸ.ਮੋਹਾਲੀ ਵਲੋਂ ਜਾਰੀ ਕੀਤੇ ਗਏ ਐਕਸ਼ਨ ਪਲਾਨ ਵਿਚ ਦਿੱਤੇ ਗਏ ਪ੍ਰੋਗਰਾਮਾਂ ਦੀ ਲੜੀ ਤਹਿਤ ਅਤੇ ਮਾਣਯੋਗ ਸ੍ਰੀ ਹਰਪਾਲ ਸਿੰਘ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਕਪੂਰਥਲਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅੱਜ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਫਗਵਾੜਾ ਵਿਖੇ ਇੰਟਨੈਸ਼ਨਲ ਡੇਅ ਆਫ ਜ਼ੀਰੋ ਟਾਲਰੈਂਸ ਫਾਰ ਫਿਮੇਲ ਜੈਨੀਟਲ ਮੂਟੀਲੇਸ਼ਨ ਅਤੇ ਸੈਕਸ਼ੂਅਲ ਹਰਾਸਮੈਂਟ ਫਾਰ ਵੂਮੈਨ 2015 ਅਧੀਨ ਲੀਗਲ ਲਿਟਰੇਸੀ ਕੈਂਪ ਲਗਾਇਆ ਗਿਆ। ਲੀਗਲ ਲਿਟਰੇਸੀ ਕੈਂਪ ਦੀ ਸ਼ੁਰੂਆਤ ਵਿਚ ਲਵਲੀ ਸਕੂਲ ਆਫ ਲਾਅ ਦੇ ਐਚ.ਓ.ਡੀ ਪ੍ਰੋ.ਸੁਨੀਲ ਕੁਮਾਰ ਅਤੇ ਡਾ.ਨੀਰੂ ਮਿੱਤਲ ਵਲੋਂ ਜੀ ਆਇਆ ਨੂੰ ਕਿਹਾ ਗਿਆ।

ਲੀਗਲ ਲਿਟਰੇਸੀ ਕੈਂਪ ਦੌਰਾਨ ਸ੍ਰੀਮਤੀ ਰਾਜਵੰਤ ਕੌਰ ਚੀਫ ਜੂਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਕਪੂਰਥਲਾ ਵਲੋਂ ਲੀਗਲ ਲਿਟਰੇਸੀ ਦੇ ਸੈਮੀਨਾਰ ਦੌਰਾਨ ਹਾਜ਼ਰ ਵਿਦਿਆਰਥੀਆਂ ਦੇ ਇਕੱਠ ਨੂੰ ਨਾਲਸਾ ਵਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਅਤੇ ਵਿਕਟਿਮ ਕੰਪਨਸੈਸ਼ਨ ਸਕੀਮ ਅਤੇ ਸੈਕਸ਼ੂਅਲ ਹਰਾਸਮੈਂਟ ਫਾਰ ਵੂਮੇਨ ਐਟ ਵਰਕਪਲੇਸ ਐਕਟ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਗਈ। ਇਸ ਤੋਂ ਇਲਾਵਾ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਵਿਦਿਆਰਥੀਆਂ ਵਲੋਂ ਪੁੱਛੇ ਗਏ ਸਵਾਲਾਂ ਦੇ ਜਵਾਬ ਦਿੱਤੇ।

ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾ ਅਥਾਰਟੀ ਨੇ ਦੱਸਿਆ ਕਿ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਕੈਂਪਸ ਵਿਖੇ ਲੀਗਲ ਏਡ ਕਲੀਨਿਕ ਵੀ ਸਥਾਪਿਤ ਕੀਤਾ ਗਿਆ। ਜੇਕਰ ਕਿਸੇ ਵੀ ਵਿਦਿਆਰਥੀ ਜਾਂ ਅਧਿਆਪਕ ਨੂੰ ਕਿਸੇ ਵੀ ਤਰਾਂ ਦੀ ਮੁਫ਼ਤ ਕਾਨੂੰਨੀ ਸਹਾਇਤਾ ਦੀ ਲੋੜ ਪੈਂਦੀ ਹੈ ਤਾਂ ਉਹ ਲੀਗਲ ਏਡ ਕਲੀਨਿਕ ਵਿਖੇ ਆ ਕੇ ਸੰਪਰਕ ਕਰ ਸਕਦਾ ਹੈ ਜਾਂ ਫਿਰ ਨਾਲਸਾ ਦੇ ਟੋਲ ਫ੍ਰੀ ਨੰਬਰ 15100 ’ਤੇ ਸੰਪਰਕ ਕੀਤਾ ਜਾ ਸਕਦਾ ਹੈ।

ਇਸ ਤੋਂ ਇਲਾਵਾ ਉਨ੍ਹਾਂ ਵਿਦਿਆਰਥੀਆਂ ਤੇ ਯੂਨੀਵਰਸਿਟੀ ਦੇ ਸਟਾਫ਼ ਨੂੰ ਸੰਬੋਧਨ ਕਰਦਿਆ ਕਿਹਾ ਕਿ 8 ਮਾਰਚ 2025 ਨੂੰ ਜ਼ਿਲ੍ਹਾ ਕਪੂਰਥਲਾ,ਫਗਵਾੜਾ,ਸੁਲਤਾਨਪੁਰ ਲੋਧੀ ਅਤੇ ਭੁਲੱਥ ਦੀਆਂ ਅਦਾਲਤਾਂ ਵਿਚ ਲੋਕ ਅਦਾਲਤ ਲਗਾਈ ਜਾ ਰਹੀ ਹੈ।

ਇਸ ਮੌਕੇ ਮਿਸ ਸੋਨਾਲੀ ਸਿਵਲ ਜੱਜ (ਜੂ.ਡੀ.) (ਅੰਡਰ ਟ੍ਰੇਨਿੰਗ) ,ਸ੍ਰੀਮਤੀ ਵਿਭੂਤੀ ਸਹਾਇਕ ਲੀਗਲ ਏਡ ਡਿਫੈਂਸ ਕਾਊਂਸਲ ਤੋਂ ਇਲਾਵਾ ਵਿਦਿਆਰਥੀ ਤੇ ਅਧਿਆਪਕ ਹਾਜ਼ਰ ਸਨ।





# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਗੁਰੂ ਨਾਨਕ ਕਾਲਜ ਸੁਖਚੈਨਆਣਾ ਸਾਹਿਬ, ਫਗਵਾੜਾ ਵਿਖੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਸਹਿਯੋਗ ਨਾਲ ਸਲਾਨਾ ਧਾਰਮਿਕ ਪ੍ਰੀਖਿਆ ਕਰਵਾਈ ਗਈ






ਫਗਵਾੜਾ 6 ਫਰਵਰੀ (ਸੁਸ਼ੀਲ ਸ਼ਰਮਾ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮਿਤਸਰ ਵਲੋਂ ਗੁਰੂ ਨਾਨਕ ਕਾਲਜ ਸੁਖਚੈਨਆਣਾ ਸਾਹਿਬ,ਫਗਵਾੜਾ ਵਿਖੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਸਹਿਯੋਗ ਨਾਲ ਦੋ ਸਾਲਾ ਸਿੱਖ ਧਰਮ ਅਧਿਐਨ ਪੱਤਰ ਵਿਹਾਰ ਕੋਰਸ ਦੀ ਸਲਾਨਾ ਧਾਰਮਿਕ ਪ੍ਰੀਖਿਆ ਕਰਵਾਈ ਗਈ। ਇਸ ਪ੍ਰੀਖਿਆ ਵਿੱਚ 20 ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਜਤਿੰਦਰਪਾਲ ਸਿੰਘ ਪਲਾਹੀ ਜੀ ਅਤੇ ਕਾਲਜ ਪ੍ਰਿੰਸੀਪਲ ਡਾ.ਗੁਰਦੇਵ ਸਿੰਘ ਰੰਧਾਵਾ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮਿਤਸਰ ਅਤੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਯੂਨਿਟ ਦੀ ਇਸ ਉਪਰਾਲੇ ਲਈ ਸਲਾਘਾ ਕੀਤੀ ਅਤੇ ਵਿਦਿਆਰਥੀਆਂ ਨੂੰ ਗੁਰੂ ਜੀ ਦੀਆਂ ਸਿਖਿਆਵਾਂ ਤੇ ਚੱਲਣ ਲਈ ਕਿਹਾ। ਇਥੇ ਇਹ ਗੱਲ ਵਰਨਣਯੋਗ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਇਸ ਕਾਲਜ ਵਿੱਚ ਹਰ ਸਾਲ ਇਹ ਧਾਰਮਿਕ ਪ੍ਰੀਖਿਆ ਕਰਵਾਉਂਦੀ ਹੈ। ਇਸ ਮੌਕੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ.ਜਤਿੰਦਰਪਾਲ ਸਿੰਘ ਪਲਾਹੀ,ਕਾਲਜ ਪ੍ਰਿੰਸੀਪਲ ਡਾ.ਗੁਰਦੇਵ ਸਿੰਘ ਰੰਧਾਵਾ ਸਟੱਡੀ ਸਰਕਲ ਦੇ ਇੰਚਾਰਜ ਡਾ.ਮਨਪ੍ਰੀਤ ਕੌਰ,ਜਤਿੰਦਰ ਸਿੰਘ ਖਾਲਸਾ,ਪ੍ਰੋ. ਕਮਲਜੀਤ ਕੌਰ ਭਾਈ ਸੰਗਤ ਸਿੰਘ ਖਾਲਸਾ ਕਾਲਜ ਬੰਗਾ,ਪ੍ਰੋ. ਅਰਵਿੰਦਰ ਕੌਰ ਆਦਿ ਹਾਜ਼ਰ ਸਨ।

# ਸਿਵਲ ਡਿਫੈਂਸ ਲੁਧਿਆਣਾ ਦੇ ਚੀਫ ਵਾਰਡਨ ਸ. ਗੁਰਚਰਨ ਸਿੰਘ ਦੀ ਅਗਵਾਈ ਹੇਠ ਟੀਮ ਨੇ ਸਿਵਲ ਡਿਫੈਂਸ ਐਂਡ ਹੋਮ ਗਾਰਡਜ਼ (ਡੀ.ਜੀ.ਪੀ.) ਸ੍ਰੀ ਸੰਜੀਵ ਕਾਲੜਾ ਨਾਲ ਮੁਲਾਕਾਤ ਕੀਤੀ।

ਲੁਧਿਆਣਾ(ਸੁਖਚੈਨ ਮਹਿਰਾ) ਚੰਡੀਗੜ੍ਹ ਦੇ ਡਾਇਰੈਕਟਰ ਜਨਰਲ ਆਫ ਪੁਲਿਸ, ਸਿਵਲ ਡਿਫੈਂਸ ਅਤੇ ਹੋਮ ਗਾਰਡਜ਼, ਡੀ.ਜੀ.ਪੀ ਸ੍ਰੀ ਸੰਜੀਵ ਕਾਲੜਾ ਅਤੇ ਸਿਵਲ ਡਿਫੈਂਸ ਐਂਡ ਹੋਮ ਗਾਰਡਜ਼ ਦੇ ਡਾਇਰੈਕਟਰ ਸ੍ਰੀ ਹਰਮਨ ਜੀਤ ਸਿੰਘ ਨੇ ਲੁਧਿਆਣਾ ਦੀ ਤਰਫੋਂ ਚੀਫ ਵਾਰਡਨ ਸ. ਗੁਰਚਰਨ ਸਿੰਘ ਦੀ ਪ੍ਰਧਾਨਗੀ ਹੇਠ ਡਿਵੀਜ਼ਨ ਵਾਰਡਨ ਅਤੇ ਡਿਪਟੀ ਡਵੀਜ਼ਨ ਵਾਰਡਨ ਦੀ ਟੀਮ ਦੀ ਮੀਟਿੰਗ ਹੋਈ।

**ਮੀਟਿੰਗ ਵਿੱਚ ਚੀਫ ਵਾਰਡਨ ਸ. ਗੁਰਚਰਨ ਸਿੰਘ ਨੇ ਡੀ.ਜੀ.ਪੀ ਸ੍ਰੀ ਸੰਜੀਵ ਕਾਲੜਾ ਅਤੇ ਡਾਇਰੈਕਟਰ ਹਰਮਨ ਜੀਤ ਸਿੰਘ ਨੂੰ ਸਿਵਲ ਡਿਫੈਂਸ ਵਲੰਟੀਅਰਾਂ ਨੂੰ ਆ ਰਹੀਆਂ ਮੁਸ਼ਕਲਾਂ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਸਿਵਲ ਡਿਫੈਂਸ ਵਲੰਟੀਅਰ ਪਿਛਲੇ ਲੰਬੇ ਸਮੇਂ ਤੋਂ ਲੋਕਾਂ ਦੀ ਨਿਰਸਵਾਰਥ ਸੇਵਾ ਕਰ ਰਹੇ ਹਨ, ਜੋ ਕਿ ਬਹੁਤ ਹੀ ਸ਼ਲਾਘਾਯੋਗ ਕੰਮ ਹੈ, ਇਸ ਲਈ ਸਿਵਲ ਡਿਫੈਂਸ ਵਲੰਟੀਅਰਾਂ ਨੂੰ ਹੋਮ ਗਾਰਡਜ਼ ਵਿੱਚ ਨੌਕਰੀਆਂ ਦਿੱਤੀਆਂ ਜਾਣੀਆਂ ਚਾਹੀਦੀਆਂ ਹਨ।

**ਡੀਜੀਪੀ ਸ੍ਰੀ ਸੰਜੀਵ ਕਾਲੜਾ ਅਤੇ ਡਾਇਰੈਕਟਰ ਸ੍ਰੀ ਹਰਮਨ ਜੀਤ ਸਿੰਘ ਨੇ ਚੀਫ ਵਾਰਡਨ ਸ. ਗੁਰਚਰਨ ਸਿੰਘ ਅਤੇ ਸਿਵਲ ਡਿਫੈਂਸ ਟੀਮ ਵੱਲੋਂ ਭਰੋਸਾ ਦਿੱਤਾ ਗਿਆ ਕਿ ਉਹ ਪੰਜਾਬ ਸਰਕਾਰ ਨੂੰ ਪੱਤਰ ਭੇਜ ਕੇ ਪਹਿਲਕਦਮੀ ਦੇ ਆਧਾਰ ਤੇ ਸਿਵਲ ਵਲੰਟੀਅਰਾਂ ਦੀ ਮੰਗ ਕਰਨਗੇ ਅਤੇ ਪੜ੍ਹੇ ਲਿਖੇ ਨੌਜਵਾਨ ਵਲੰਟੀਅਰਾਂ ਬਾਰੇ ਵਿਚਾਰ ਕਰਨਗੇ।



ਇਸ ਮੌਕੇ ਐਸ. ਗੁਰਚਰਨ ਸਿੰਘ, ਡਿਪਟੀ ਚੀਫ਼ ਵਾਰਡਨ ਰਾਜ ਕੁਮਾਰ ਕਸ਼ਯਪ, ਡਿਵੀਜ਼ਨ ਵਾਰਡਨ ਬੀਐਸ ਠਾਕੁਰ, ਡਿਵੀਜ਼ਨ ਵਾਰਡਨ ਚਰਨਜੀਤ ਸਿੰਘ, ਡਿਵੀਜ਼ਨ ਵਾਰਡਨ ਭੁਪਿੰਦਰ ਸਿੰਘ, ਡਿਵੀਜ਼ਨ ਵਾਰਡਨ ਜੋਅ ਗਿੰਦਰ ਸਿੰਘ, ਡਿਪਟੀ ਡਵੀਜ਼ਨ ਵਾਰਡਨ ਅਮਰਜੀਤ ਸਿੰਘ ਭੱਟੀ, ਬਲਬੀਰ ਸਿੰਘ, ਡਿਪਟੀ ਡਵੀਜ਼ਨ ਵਾਰਡਨ ਐਸ.ਕੇ ਖੰਨਾ ਆਦਿ ਵੀ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ ਨੇ ਬਲਜਿੰਦਰ ਸਿੰਘ ਠੇਕੇਦਾਰ ਅਤੇ ਬੀਬੀ ਜਸਵਿੰਦਰ ਕੌਰ ਕੌਂਸਲਰ ਨੂੰ ਭੇਜਿਆ ਕਾਰਨ ਦੱਸੋ ਨੋਟਿਸ



ਫਗਵਾੜਾ 6 ਫਰਵਰੀ ( ਸੁਸ਼ੀਲ ਸ਼ਰਮਾ ) ਸ਼੍ਰੋਮਣੀ ਅਕਾਲੀ ਦਲ (ਬ) ਦੀ ਕੌਂਸਲਰ ਬੀਬੀ ਜਸਵਿੰਦਰ ਕੌਰ ਵਲੋਂ ਬੀਤੀ 1 ਫਰਵਰੀ ਨੂੰ ਨਗਰ ਨਿਗਮ ਫਗਵਾੜਾ ਦੀ ਪਹਿਲੀ ਮੀਟਿੰਗ ਦੌਰਾਨ ਮੇਅਰ ਦੀ ਚੋਣ ਸਮੇਂ ਪਾਰਟੀ ਦੇ ਦਿਸ਼ਾ ਨਿਰਦੇਸ਼ਾਂ ਦੇ ਉਲਟ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਨੂੰ ਸਮਰਥਨ ਦੇਣ ਦੇ ਚਲਦਿਆਂ ਅੱਜ ਸ਼੍ਰੋਮਣੀ ਅਕਾਲੀ ਦਲ (ਬ) ਹਲਕਾ ਸ਼ਹਿਰੀ ਦੇ ਇੰਚਾਰਜ ਰਣਜੀਤ ਸਿੰਘ ਖੁਰਾਣਾ ਨੇ ਕੌਂਸਲਰ ਜਸਵਿੰਦਰ ਕੌਰ ਅਤੇ ਉਹਨਾਂ ਦੇ ਪਤੀ ਬਲਜਿੰਦਰ ਸਿੰਘ ਠੇਕੇਦਾਰ ਸਾਬਕਾ ਕੋਂਸਲਰ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਹਲਕਾ ਇੰਚਾਰਜ ਰਣਜੀਤ ਸਿੰਘ ਖੁਰਾਣਾ ਨੇ ਦੱਸਿਆ ਕਿ ਬਲਜਿੰਦਰ ਸਿੰਘ ਠੇਕੇਦਾਰ ਬਹੁਤ ਹੀ ਸੀਨੀਅਰ ਅਕਾਲੀ ਆਗੂ ਰਹੇ ਹਨ। ਜੋ ਸਾਲ 2015 ਵਿਚ ਸ਼੍ਰੋਮਣੀ ਅਕਾਲੀ ਦਲ ਦੇ ਚੋਣ ਨਿਸ਼ਾਨ ਤੋਂ ਜਿੱਤ ਕੇ ਨਗਰ ਨਿਗਮ ਫਗਵਾੜਾ ਵਿਚ ਬਤੌਰ ਕੌਂਸਲਰ ਚੁਣੇ ਗਏ ਸੀ। ਪਾਰਟੀ ਵਲੋਂ ਹਮੇਸ਼ਾਂ ਉਹਨਾਂ ਨੂੰ ਬਣਦਾ ਮਾਣ ਸਤਿਕਾਰ ਵੀ ਦਿੱਤਾ ਗਿਆ। ਮੌਜੂਦਾ ਨਗਰ ਨਿਗਮ ਚੋਣਾਂ ਵਿਚ ਪਾਰਟੀ ਵਲੋਂ ਉਹਨਾਂ ਦੀ ਧਰਮ ਪਤਨੀ ਬੀਬੀ ਜਸਵਿੰਦਰ ਕੌਰ ਨੂੰ ਵਾਰਡ ਨੰਬਰ 37 ਤੋਂ ਟਿਕਟ ਦੇ ਕੇ ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਬਣਾਇਆ ਗਿਆ। ਪਾਰਟੀ ਵਰਕਰਾਂ ਵਲੋਂ ਕੀਤੀ ਮਿਹਨਤ ਸਦਕਾ ਬੀਬੀ ਜਸਵਿੰਦਰ ਕੌਰ ਵਾਰਡ ਨੰ 37 ਤੋਂ ਜੇਤੂ ਬਣੇ। ਹੁਣ ਪਾਰਟੀ ਹਾਈ ਕਮਾਂਡ ਦੇ ਨੋਟਿਸ ਵਿਚ ਆਇਆ ਹੈ ਕਿ ਨਗਰ ਨਿਗਮ ਫਗਵਾੜਾ ਦੇ ਮੇਅਰ, ਸੀਨੀਅਰ ਡਿਪਟੀ ਮੇਅਰ ਤੇ ਡਿਪਟੀ ਮੇਅਰ ਦੀ ਚੋਣ ਵਿਚ ਬੀਬੀ ਜਸਵਿੰਦਰ ਕੌਰ ਵਲੋਂ ਪਾਰਟੀ ਹਾਈਕਮਾਂਡ ਦੇ ਦਿਸ਼ਾ-ਨਿਰਦੇਸ਼ਾਂ ਦੇ ਉਲਟ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਦਾ ਸਮਰਥਨ ਕੀਤਾ। ਜੋ ਕਿ ਅਤੀ ਨਿੰਦਣਯੋਗ ਹੈ। ਇਸ ਲਈ 10 ਦਿਨਾਂ ਦੇ ਵਿਚ ਸਪਸ਼ਟੀਕਰਣ ਦੇਣ ਦਾ ਦੋਵੇਂ ਆਗੂਆਂ ਨੂੰ ਨੋਟਿਸ ਜਾਰੀ ਕੀਤਾ ਗਿਆ ਹੈ। ਉਹਨਾਂ ਕਿਹਾ ਕਿ ਜੇਕਰ ਨੋਟਿਸ ਦਾ ਜਵਾਬ ਨਾ ਦਿੱਤਾ ਗਿਆ ਤਾਂ ਪਾਰਟੀ ਵਿਰੋਧੀ ਗਤੀਵਿਧੀਆਂ ਲਈ ਹਾਈਕਮਾਂਡ ਵਲੋਂ ਅਨੁਸ਼ਾਸਨੀ ਕਾਰਵਾਈ ਕੀਤੀ ਜਾਵੇਗੀ।

# ਫੂਡ ਕਮਿਸ਼ਨ ਦੇ ਮੁਖੀ ਵੱਲੋਂ ਲੁਧਿਆਣਾ ਵਿੱਚ ਸਕੀਮਾਂ ਦੀ ਸਮੀਖਿਆ

ਲੁਧਿਆਣਾ, 6 ਫਰਵਰੀ (ਸੁਖਚੈਨ ਮਹਿਰਾ) ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਨੇ ਵੀਰਵਾਰ ਨੂੰ ਇੱਥੇ ਸਾਰੀਆਂ ਪ੍ਰਮੁੱਖ ਸਕੀਮਾਂ ਨੂੰ ਲਾਗੂ ਕਰਨ ਦੀ ਮੌਜੂਦਾ ਸਥਿਤੀ ਦਾ ਜਾਇਜ਼ਾ ਲੈਣ ਲਈ ਮੀਟਿੰਗ ਕੀਤੀ।

ਸਮੀਖਿਆ ਕੀਤੇ ਗਏ ਸਕੀਮਾਂ ਅਤੇ ਪ੍ਰੋਗਰਾਮਾਂ ਵਿੱਚ ਸਕੂਲ ਹੈਲਥ ਪ੍ਰੋਗਰਾਮ, ਅੰਤੋਦਿਆ ਅੰਨ ਯੋਜਨਾ (ਏਏਵਾਈ), ਉਚਿਤ ਮੁੱਲ ਦੀਆਂ ਦੁਕਾਨਾਂ, ਏਕੀਕ੍ਰਿਤ ਬਾਲ ਵਿਕਾਸ ਯੋਜਨਾ, ਪ੍ਰਧਾਨ ਮੰਤਰੀ ਮਾਤਰੂ ਵੰਦਨਾ ਯੋਜਨਾ, ਰਾਸ਼ਟਰੀ ਖੁਰਾਕ ਸੁਰੱਖਿਆ ਐਕਟ, ਮਿਡ-ਡੇ-ਮੀਲ ਅਤੇ ਸਿਹਤ ਟੀਮਾਂ ਦੁਆਰਾ ਭੋਜਨ/ਪਾਣੀ ਦੇ ਨਮੂਨੇ ਅਤੇ ਹੋਰ ਸ਼ਾਮਲ ਹਨ।

ਅਧਿਕਾਰੀਆਂ ਨੇ ਚੇਅਰਮੈਨ ਨੂੰ ਦੱਸਿਆ ਕਿ ਲੁਧਿਆਣਾ ਵਿੱਚ ਕੁੱਲ 243253 ਬੱਚੇ ਮਿਡ-ਡੇਅ ਮੀਲ ਦਾ ਲਾਭ ਲੈ ਰਹੇ ਹਨ ਅਤੇ ਰੋਜ਼ਾਨਾ ਵੱਖ-ਵੱਖ ਤਰ੍ਹਾਂ ਦਾ ਖਾਣਾ ਪਰੋਸਿਆ ਜਾਂਦਾ ਹੈ। ਇਸ ਤੋਂ ਇਲਾਵਾ ਮਿਡ-ਡੇ-ਮੀਲ ਵਿਚ ਰਿਫਾਇੰਡ ਤੇਲ ਦੀ ਵਰਤੋਂ ਤੇ ਵੀ ਪਾਬੰਦੀ ਲਗਾਈ ਗਈ ਹੈ। ਇਸ ਤੋਂ ਇਲਾਵਾ ਜ਼ਿਲ੍ਹੇ ਵਿੱਚ 1,616 ਵਾਜਬ ਕੀਮਤ ਦੀਆਂ ਦੁਕਾਨਾਂ ਅਤੇ 4,65,575 ਰਾਸ਼ਨ ਕਾਰਡ ਧਾਰਕ ਸਨ। 21,921 ਮੈਂਬਰਾਂ ਦੇ ਨਾਲ 6,774 11♠ ਕਾਰਡ ਸਨ, ਇਸ ਤੋਂ ਇਲਾਵਾ 4,58,801 ਤਰਜੀਹੀ ਪਰਿਵਾਰਾਂ (♦88↔) ਅਤੇ 1,74,8791 ਮੈਂਬਰ ਸਨ। ਪ੍ਰੋਗਰਾਮ ਤਹਿਤ ਹਰੇਕ ਏਏਵਾਈ ਕਾਰਡ ਧਾਰਕ ਨੂੰ ਹਰ ਮਹੀਨੇ 35 ਕਿਲੋ ਅਨਾਜ ਦਿੱਤਾ ਜਾ ਰਿਹਾ ਹੈ ਅਤੇ ਪੀਐਚਐਚ ਕਾਰਡ ਧਾਰਕਾਂ ਨੂੰ ਪ੍ਰਤੀ ਵਿਅਕਤੀ ਪ੍ਰਤੀ ਮਹੀਨਾ 5 ਕਿਲੋ ਅਨਾਜ ਦਿੱਤਾ ਜਾਂਦਾ ਹੈ।

ਅਧਿਕਾਰੀਆਂ ਵੱਲੋਂ ਚੇਅਰਮੈਨ ਨੂੰ ਇਹ ਵੀ ਦੱਸਿਆ ਗਿਆ ਕਿ ਸਿਹਤ ਟੀਮਾਂ ਵੱਲੋਂ ਭੋਜਨ ਦੇ ਨਮੂਨੇ ਲਏ ਗਏ ਸਨ, ਜਿਨ੍ਹਾਂ ਦੀਆਂ ਰਿਪੋਰਟਾਂ ਦੀ ਉਡੀਕ ਕੀਤੀ ਜਾ ਰਹੀ ਹੈ।

ਵਧੀਕ ਡਿਪਟੀ ਕਮਿਸ਼ਨਰ ਅਮਰਜੀਤ ਬੈਂਸ ਨੇ ਚੇਅਰਮੈਨ ਨੂੰ ਦੱਸਿਆ ਕਿ ਲੁਧਿਆਣਾ ਵਿੱਚ 87 ਨਵੇਂ ਆਂਗਣਵਾੜੀ ਕੇਂਦਰ ਬਣ ਰਹੇ ਹਨ, ਜਿਸ ਤੇ ਚੇਅਰਮੈਨ ਨੇ ਜ਼ੋਰ ਦੇ ਕੇ ਕਿਹਾ ਕਿ ਬੱਚਿਆਂ ਨੂੰ ਪੌਸ਼ਟਿਕ ਤੱਤਾਂ ਨਾਲ ਭਰਪੂਰ ਭੋਜਨ ਯਕੀਨੀ ਬਣਾਉਣ ਲਈ ਪੋਸ਼ਣ ਵਾਟਿਕਸ ਵਿਕਸਤ ਕੀਤੇ ਜਾਣੇ ਚਾਹੀਦੇ ਹਨ। ਚੇਅਰਮੈਨ ਨੇ ਅਧਿਕਾਰੀਆਂ ਨੂੰ ਦਵਾਈਆਂ, ਸਬਜ਼ੀਆਂ ਅਤੇ ਫਲਾਂ ਦੀਆਂ ਵੱਖ-ਵੱਖ ਕਿਸਮਾਂ ਦੇ ਪੌਦਿਆਂ ਵਾਲੀ ਰਸੋਈ ਗਾਰਡਨਿੰਗ ਸਥਾਪਤ ਕਰਨ ਲਈ ਵੀ ਕਿਹਾ।

ਇਸ ਤੋਂ ਇਲਾਵਾ, ਸ਼ਰਮਾ ਨੇ ਮਿਡ-ਡੇ-ਮੀਲ ਦੀ ਨਿਯਮਤ ਜਾਂਚ ਦੀ ਜ਼ਰੂਰਤ ਤੇ ਵੀ ਜ਼ੋਰ ਦਿੱਤਾ ਅਤੇ ਸਬੰਧਤ ਅਧਿਕਾਰੀਆਂ ਨੂੰ ਕਿਹਾ ਕਿ ਉਹ ਸਕੂਲਾਂ ਵਿਚ ਫੂਡ ਟੈਸਟ ਰਜਿਸਟਰ ਬਣਾ ਕੇ ਰੱਖਣ, ਬੱਚਿਆਂ ਨੂੰ ਮਿਆਰੀ ਭੋਜਨ ਮੁਹੱਈਆ ਕਰਵਾਉਣ ਅਤੇ ਖਾਣਾ ਬਣਾਉਂਦੇ ਸਮੇਂ ਸਾਫ ਸਫਾਈ ਰੱਖਣ। ਸਕੂਲਾਂ ਵਿੱਚ ਪੀਣ ਵਾਲੇ ਪਾਣੀ ਦੀ ਗੁਣਵੱਤਾ ਨੂੰ ਵੀ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਅਤੇ ਜਿਨ੍ਹਾਂ ਸਕੂਲਾਂ ਵਿੱਚ ਇਹ ਸਹੂਲਤ ਨਹੀਂ ਹੈ, ਉੱਥੇ ਆਰ.ਓ ਸਿਸਟਮ ਵਿਕਸਤ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਸਿਹਤ ਜਾਂਚ ਅਤੇ ਮਿਡ-ਡੇ-ਮੀਲ ਵਰਕਰਾਂ ਦਾ ਹਰ ਛੇ ਮਹੀਨੇ ਬਾਅਦ ਮੈਡੀਕਲ ਚੈਕਅੱਪ ਕੀਤਾ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਮਿਡ-ਡੇ-ਮੀਲ ਦੌਰਾਨ ਵਿਦਿਆਰਥੀਆਂ ਨੂੰ ਤਾਜ਼ੀਆਂ ਸਬਜ਼ੀਆਂ/ਫਲਾਂ ਦੀ ਸਪਲਾਈ ਯਕੀਨੀ ਬਣਾਉਣ ਲਈ ਵੀ ਕਿਹਾ।



ਮੀਟਿੰਗ ਵਿੱਚ ਏਡੀਸੀ ਅਮਰਜੀਤ ਬੈਂਸ, ਸਿਵਲ ਸਰਜਨ ਡਾ ਪਰਦੀਪ ਕੁਮਾਰ ਮਹਿੰਦਰਾ, ਡੀਐਫਐਸਸੀ ਸ਼ੈਫਾਲੀ, ਸਰਤਾਜ ਸਿੰਘ ਅਤੇ ਡੀਐਚਓ ਡਾ ਅਮਰਜੀਤ ਕੌਰ ਆਦਿ ਹਾਜ਼ਰ ਸਨ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪ੍ਰਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਵਿੱਚ ਡੀ.ਐੱਮ.ਐੱਫ. ਵੱਲੋਂ ਕਰਵਾਏ ਜਾ ਰਹੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ

ਗੁਰਦਾਸਪੁਰ-ਨਵਨੀਤ ਕੁਮਾਰ -
ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਵੱਲੋਂ ਅੱਜ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫ਼ਰੰਸ ਹਾਲ ਵਿਖੇ ਜ਼ਿਲ੍ਹਾ ਮਿਨਰਲ ਫਾਊਂਡੇਸ਼ਨ (ਡੀ.ਐੱਮ.ਐੱਫ.) ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਜ਼ਿਲ੍ਹੇ ਵਿੱਚ ਡੀ.ਐੱਮ.ਐੱਫ. ਵੱਲੋਂ ਕਰਵਾਏ ਜਾ ਰਹੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਗਿਆ। ਮੀਟਿੰਗ ਦੌਰਾਨ ਐੱਸ.ਐੱਸ.ਪੀ. ਬਟਾਲਾ ਜਨਾਬ ਸੁਹੇਲ ਮੀਰ ਕਾਸਮ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਹਰਜਿੰਦਰ ਸਿੰਘ ਬੇਦੀ ਆਈ.ਏ.ਐੱਸ., ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਗੁਰਪ੍ਰੀਤ ਸਿੰਘ ਗਿੱਲ, ਐੱਸ.ਡੀ.ਐੱਮ. ਦੀਨਾਨਗਰ ਸ੍ਰੀ ਜਸਪਿੰਦਰ ਸਿੰਘ ਆਈ.ਏ.ਐੱਸ., ਐੱਸ.ਡੀ.ਐੱਮ. ਗੁਰਦਾਸਪੁਰ ਸ੍ਰੀ ਮਨਜੀਤ ਸਿੰਘ ਰਾਜਲਾ, ਐੱਸ.ਡੀ.ਐੱਮ. ਡੇਰਾ ਬਾਬਾ ਨਾਨਕ ਸ੍ਰੀ ਰਾਜਪਾਲ ਸਿੰਘ ਸੇਖੋਂ, ਐੱਸ.ਡੀ.ਐੱਮ. ਕਲਾਨੌਰ ਸ੍ਰੀਮਤੀ ਜਯੋਤਸਨਾ ਸਿੰਘ, ਐੱਸ.ਡੀ.ਐੱਮ. ਬਟਾਲਾ ਸ੍ਰੀ ਵਿਕਰਮਜੀਤ ਸਿੰਘ, ਐਕਸੀਅਨ ਮਾਈਨਿੰਗ ਸ੍ਰੀ ਦਿਲਪ੍ਰੀਤ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮਾਈਨਿੰਗ ਵਿਭਾਗ ਵੱਲੋਂ ਜਿਨ੍ਹਾਂ ਵਿਭਾਗਾਂ ਨੂੰ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਲਈ ਫ਼ੰਡ ਜਾਰੀ ਕੀਤੇ ਗਏ ਸਨ, ਉਨ੍ਹਾਂ ਵਿਚੋਂ ਜੋ ਪ੍ਰੋਜੈਕਟ ਮੁਕੰਮਲ ਹੋ ਗਏ ਹਨ ਉਨ੍ਹਾਂ ਦੇ ਵਰਤੋਂ ਸਰਟੀਫਿਕੇਟ ਇੱਕ ਹਫ਼ਤੇ ਦੇ ਅੰਦਰ ਜਮ੍ਹਾਂ ਕਰਵਾਏ ਜਾਣ। ਇਸ ਦੌਰਾਨ ਉਨ੍ਹਾਂ ਨੇ ਜ਼ਿਲ੍ਹੇ ਵਿੱਚ ਡੀ.ਐੱਮ.ਐੱਫ. ਸਕੀਮ ਤਹਿਤ ਜ਼ਿਲ੍ਹਾ ਖੇਡ ਕੰਪਲੈਕਸ ਗੁਰਦਾਸਪੁਰ ਵਿਖੇ ਬਾਸਕਟਬਾਲ ਗਰਾਊਂਡ ਤਿਆਰ ਕਰਨ, ਜ਼ਿਲ੍ਹਾ ਲਾਇਬ੍ਰੇਰੀ ਦਾ ਰੈਨੋਵੇਸ਼ਨ ਪ੍ਰੋਜੈਕਟ, ਖੇਡ ਸਟੇਡੀਅਮ ਹਰਪੁਰਾ-ਧੰਦੋਈ ਦੀ ਤਿਆਰੀ ਸਬੰਧੀ, ਬਿਆਨਪੁਰ ਵਿਖੇ ਅੰਤਰਰਾਜੀ ਨਾਕੇ ਦੇ ਬੁਨਿਆਦੀ ਢਾਂਚੇ ਸਬੰਧੀ ਤੋਂ ਇਲਾਵਾ ਹੋਰ ਪ੍ਰੋਜੈਕਟਾਂ ਬਾਰੇ ਵੀ ਵਿਚਾਰ ਚਰਚਾ ਕੀਤੀ।

ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਨੇ ਕਿਹਾ ਕਿ ਜ਼ਿਲ੍ਹਾ ਗੁਰਦਾਸਪੁਰ ਦੇ ਮੁੱਖ ਸ਼ਹਿਰਾਂ ਵਿੱਚ ਸੀ.ਸੀ.ਟੀਵੀ ਕੈਮਰੇ ਲਗਾਏ ਜਾਣਗੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਸ ਸਬੰਧੀ ਇੱਕ ਪ੍ਰੋਜੈਕਟ ਰਿਪੋਰਟ ਜਲਦ ਹੀ ਤਿਆਰ ਕਰਕੇ ਪੇਸ਼ ਕੀਤੀ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਲੋਕਾਂ ਦੀ ਮੰਗ ਅਤੇ ਲੋਕ ਹਿਤ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹੇ ਵਿੱਚ ਜੋ ਵੀ ਹੋਰ ਪ੍ਰੋਜੈਕਟ ਲੋੜੀਂਦੇ ਹਨ ਉਨ੍ਹਾਂ ਦੀ ਪ੍ਰੋਜੈਕਟ ਰਿਪੋਰਟ ਬਣਾ ਕੇ ਦਿੱਤੀ ਜਾਵੇ ਤਾਂ ਜੋ ਲੋਕ ਹਿਤ ਦੇ ਉਨ੍ਹਾਂ ਪ੍ਰੋਜੈਕਟਾਂ ਨੂੰ ਵੀ ਹਕੀਕੀ ਰੂਪ ਦਿੱਤਾ ਜਾ ਸਕੇ।

# ਬੀ ਕੇ ਯੂ ਉਗਰਾਹਾਂ ਵੱਲੋਂ 'ਮਹਾ ਜਮੀਨ ਬਚਾਓ ਸੰਗਰਾਮ ਰੈਲੀ' ਦੀ ਤਿਆਰੀ ਲਈ ਪਿੰਡਾਂ ਚ ਵੱਡੇ ਇਕੱਠ



ਸ਼ੇਰਪੁਰ , 6 ਫਰਵਰੀ ( ਹਰਜੀਤ ਸਿੰਘ ਕਾਤਿਲ ) - ਅੱਜ ਬਲਾਕ ਸ਼ੇਰਪੁਰ ਦੇ ਪਿੰਡਾਂ ਠੁੱਲੀਵਾਲ , ਪੰਜਗਰਾਈਆਂ , ਮਾਹਮਦਪੁਰ ਅਤੇ ਗੁਰਬਖਸ਼ਪੁਰਾ ਵਿਖੇ ਕਿਸਾਨਾਂ, ਨੌਜਵਾਨਾਂ ਅਤੇ ਔਰਤਾਂ ਦੇ ਵੱਡੇ ਇਕੱਠ ਨੂੰ ਬੀ ਕੇ ਯੂ ਉਗਰਾਹਾਂ ਦੇ ਕਿਸਾਨ ਆਗੂ ਬੁੱਕਣ ਸਿੰਘ ਸੈਦੇਵਾਲ ਜ਼ਿਲ੍ਹਾ ਮੀਤ ਪ੍ਰਧਾਨ , ਕਮਲਜੀਤ ਕੌਰ ਜਿਲਾ ਆਗੂ ਬਰਨਾਲਾ , ਪ੍ਰਧਾਨ ਮਲਕੀਤ ਸਿੰਘ ਹੇੜੀਕੇ , ਬਲਾਕ ਜਨਰਲ ਸਕੱਤਰ ਬਲਵਿੰਦਰ ਸਿੰਘ ਕਾਲਾ ਬੂਲਾ , ਨਾਜਰ ਸਿੰਘ , ਮੇਵਾ ਸਿੰਘ ਅਤੇ ਭੋਲਾ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ , ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਕਾਰਪੋਰੇਟ ਘਰਾਣੇ ਅਤੇ ਜਗੀਰਦਾਰਾਂ ਦੀ ਸ਼ਹਿ ਤੇ ਜ਼ਮੀਨਾਂ ਖੋਹਣ ਲਈ ਹਮਲਾ ਤੇਜ਼ ਕਰ ਦਿੱਤਾ ਹੈ। ਜਿਸ ਨੂੰ ਲੈ ਕੇ ਪਿੰਡ ਜਿਉਂਦ (ਬਠਿੰਡਾ) ਦੀ ਧਰਤੀ ਤੇ 20 ਜਨਵਰੀ ਤੋਂ ਜਮੀਨ ਬਚਾਓ 'ਪੱਕਾ ਕਿਸਾਨੀ ਮੋਰਚਾ ਜਾਰੀ ਹੈ । ਆਗੂਆਂ ਨੇ ਦੱਸਿਆ ਕਿ ਹਕੂਮਤ ਪੁਲਿਸ ਦੇ ਜਬਰ ਜੋਰ ਤੇ ਆਬਾਦਕਾਰਾਂ, ਸ਼ਾਮਲਾਟਾਂ ਅਤੇ ਸਾਂਝੀਆਂ ਪਿੰਡਾਂ ਦੀਆਂ ਜਮੀਨਾਂ ਦੀ ਨਵੀਂ ਮੁਰੱਬੇਬੰਦੀ ਕਰਕੇ 110 ਸਾਲਾਂ ਤੋਂ ਕਾਬਜ ਕਾਸ਼ਤਕਾਰਾਂ ਤੋਂ ਜਮੀਨਾਂ ਖੋਹ ਰਹੀ ਹੈ । ਸੈਦੇਵਾਲ ਨੇ ਕਿਹਾ 13 ਫਰਵਰੀ ਨੂੰ ਪਿੰਡ ਜਿਉਂਦ (ਬਠਿੰਡਾ) ਵਿਖੇ ਦਰਜਨਾਂ ਕਿਸਾਨ ,ਮਜ਼ਦੂਰ, ਮੁਲਾਜ਼ਮ ਤੇ ਹੋਰ ਭਰਾਤਰੀ ਜਥੇਬੰਦੀਆਂ ਵੱਲੋਂ 'ਵਿਸ਼ਾਲ ਮਹਾ ਜਮੀਨ ਬਚਾਓ ਸੰਗਰਾਮ ਰੈਲੀਆਂ ' ਦੀਆਂ ਤਿਆਰੀਆਂ ਪੂਰੇ ਜ਼ੋਰ ਸ਼ੋਰ ਨਾਲ ਚੱਲ ਰਹੀਆਂ ਹਨ। ਆਗੂਆਂ ਨੇ ਕਿਹਾ ਕਿ ਨਵੀਆਂ ਆਰਥਿਕ ਨੀਤੀਆਂ ਤਹਿਤ ਸਰਕਾਰਾਂ ਰੱਦ ਕਰਵਾਏ ਤਿੰਨੇ ਕਾਲੇ ਖੇਤੀ ਕਾਨੂੰਨਾਂ ਨੂੰ ਚੋਰ ਮੋਰੀ ਰਾਹੀਂ ਕਾਰਪੋਰੇਟ ਲਾਣੇ ਨੂੰ ਪੰਜਾਬ ਦੀ ਸਾਰੀ ਜਮੀਨ ਦੀ ਮਾਲਕੀ , ਆਬਾਦਕਾਰ , ਸ਼ਾਮਲਾਂਟਾਂ ਅਤੇ ਸਾਂਝੀਆਂ ਜਮੀਨਾਂ ਦੇਣ ਦੀ ਤਿਆਰੀ ਕਰ ਚੁੱਕੀ ਹੈ। ਪ੍ਰਾਈਵੇਟ ਖਰੀਦਕਾਰਾਂ ਰਾਹੀਂ ਅੰਬਾਨੀ -ਅਡਾਨੀ ਦੇ ਸੀਲੋਆਂ ਤੇ ਮੰਡੀ ਬਣੇਗੀ । ਜਿਸ ਦੇ ਵਿਰੋਧ ਵਿੱਚ ਜਮੀਨਾਂ ਅਤੇ ਮੰਡੀਆਂ ਬਚਾਉਣ ਲਈ ਵੱਡੀ ਗਿਣਤੀ ਕਿਸਾਨਾਂ ਤੇ ਔਰਤਾਂ ਨੇ 13 ਫਰਵਰੀ ਨੂੰ ਵੱਡੇ ਕਾਫਲਿਆਂ ਰਾਹੀਂ ਜਿਉਂਦ (ਬਠਿੰਡਾ ) ਪਹੁੰਚਣ ਦਾ ਅਹਿਦ ਕੀਤਾ ਹੈ। ਇਸ ਮੌਕੇ ਕਮਲਜੀਤ ਕੌਰ ਬਰਨਾਲਾ ,ਨਵਦੀਪ ਕੌਰ ਪੰਜਗਰਾਈਆਂ , ਸਿੰਦਰ ਕੌਰ , ਸੁਖਦੇਵ ਕੌਰ ,ਚਰਨਜੀਤ ਕੌਰ ਠੁੱਲੀਵਾਲ , ਬਲਜੀਤ ਕੌਰ ਪੰਜਗਰਾਈਆਂ ਤੋਂ ਇਲਾਵਾ ਹੋਰ ਵੀ ਵੱਡੀ ਗਿਣਤੀ ਕਿਸਾਨ ਬੀਬੀਆਂ ਅਤੇ ਨੌਜਵਾਨ ਮੌਜੂਦ ਸਨ।

# ਵੈਲੇਨਟਾਈਨ ਵੀਕ ਹੋਵੇਗਾ ਹੋਰ ਵੀ ਖਾਸ ਕਿਉਂਕਿ ਮੁਬਾਰਕਾਂ ਗੀਤ ਤੁਹਾਨੂੰ ਕਰਵਾਏਗਾ ਪਿਆਰ, ਜਜ਼ਬਾਤ ਦਾ ਅਹਿਸਾਸ !

ਯੂ ਐਂਡ ਆਈ ਮਿਊਜ਼ਿਕ ਲੇਬਲ ਹੇਠ ਬੈਨੇਟ ਦੋਸਾਂਝ ਅਤੇ ਮਾਹੀ ਸ਼ਰਮਾ ਦਾ ਗੀਤ 'ਮੁਬਾਰਕਾਂ ਹੋਇਆ ਰਿਲੀਜ਼

ਜਿਵੇਂ-ਜਿਵੇਂ ਵੈਲੇਨਟਾਈਨ ਵੀਕ ਨੇੜੇ ਆ ਰਿਹਾ ਹੈ, ਯੂ ਐਂਡ ਆਈ ਸੰਗੀਤ ਲੇਬਲ ਮੁਬਾਰਕਾਂ ਦੀ ਰਿਲੀਜ਼ ਦੀ ਘੋਸ਼ਣਾ ਕਰਨ ਲਈ ਬਹੁਤ ਖੁਸ਼ ਹੈ, ਇੱਕ ਰੂਹਾਨੀ ਗੀਤ ਜੋ ਪਿਆਰ ਦੇ ਕੌੜੇ ਤੱਤ ਨੂੰ ਕੈਪਚਰ ਕਰਦਾ ਹੈ। ਇਹ ਉਤਸ਼ਾਹਜਨਕ ਟਰੈਕ ਇੱਕ ਮਨਮੋਹਕ ਸੰਗੀਤਕ ਸਫ਼ਰ, ਆਪਸ ਵਿੱਚ ਜੁੜਿਆ ਜਨੂੰਨ, ਦਿਲ ਤੋੜਨ ਦੀ ਭਾਵਨਾ ਦੀ ਪੇਸ਼ਕਸ਼ ਕਰਦਾ ਹੈ। ਬੈਨੇਟ ਦੋਸਾਂਝ ਅਤੇ ਮਾਹੀ ਸ਼ਰਮਾ ਦੁਆਰਾ ਮਨਮੋਹਕ ਪ੍ਰਦਰਸ਼ਨ ਦੇ ਨਾਲ,ਮੁਬਾਰਕਾਂ ਸਰੋਤਿਆਂ ਨੂੰ ਭਾਵਨਾਵਾਂ ਦੇ ਰੋਲਰ ਕੋਸਟਰ ਤੇ ਲੈ ਜਾਂਦਾ ਹੈ, ਇੱਕ ਅਭੁੱਲ ਅਨੁਭਵ ਨੂੰ ਯਕੀਨੀ ਬਣਾਉਂਦਾ ਹੈ। ਟ੍ਰੈਕ ਵਿੱਚ ਸ਼ੌਨ ਸੰਗੀਤ ਦੁਆਰਾ ਮਨਮੋਹਕ ਸੰਗੀਤ ਅਤੇ ਮੋਟੀ ਦੁਆਰਾ ਦਿਲੋਂ ਬੋਲ ਦਿੱਤੇ ਗਏ ਹਨ, ਜੋ ਪਿਆਰ ਦੀਆਂ ਖੁਸ਼ੀਆਂ ਅਤੇ ਦੁੱਖਾਂ ਦੀ ਇੱਕ ਸਦੀਵੀ ਬਿਰਤਾਂਤ ਤਿਆਰ ਕਰਦੇ ਹਨ।



ਯੂ ਐਂਡ ਆਈ ਦੇ ਬੈਨਰ ਹੇਠ ਸੰਨੀਰਾਜ ਅਤੇ ਸਰਲਾ ਰਾਣੀ ਦੁਆਰਾ ਨਿਰਮਿਤ, ਮੁਬਾਰਕਾਂ ਕਲਾਤਮਕ ਦ੍ਰਿਸ਼ਟੀ ਅਤੇ ਭਾਵਨਾਤਮਕ ਡੂੰਘਾਈ ਦੀ ਮਿਸਾਲ ਹੈ। ਨਿਰਮਾਤਾ ਸ਼ੇਅਰ ਕਰਦੇ ਹਨ, ਸਾਡਾ ਇਰਾਦਾ ਇੱਕ ਅਜਿਹਾ ਟੁਕੜਾ ਤਿਆਰ ਕਰਨਾ ਸੀ ਜੋ ਪਿਆਰ ਦੀ ਸੁੰਦਰਤਾ ਅਤੇ ਦਰਦ ਦੋਵਾਂ ਦਾ ਜਸ਼ਨ ਮਨਾਉਂਦਾ ਹੈ। ਸਾਡਾ ਉਦੇਸ਼ ਸੱਚੀ ਭਾਵਨਾ ਪੈਦਾ ਕਰਨਾ ਅਤੇ ਉਨ੍ਹਾਂ ਲੋਕਾਂ ਨੂੰ ਦਿਲਾਸਾ ਦੇਣਾ ਹੈ ਜੋ ਦਿਲ ਟੁੱਟਣ ਅਤੇ ਇਲਾਜ ਦੀ ਆਪਣੀ ਯਾਤਰਾ ਨੂੰ ਨੇਵੀਗੇਟ ਕਰ ਰਹੇ ਹਨ। ਮੁਬਾਰਕਾਂ ਹਰ ਰੂਪ ਵਿੱਚ ਪਿਆਰ ਨੂੰ ਸਾਡੀ ਸ਼ਰਧਾਂਜਲੀ ਹੈ।'

ਵੈਲੇਨਟਾਈਨ ਵੀਕ ਲਈ ਸਹੀ ਸਮੇਂ ਤੇ, ਇਹ ਗੀਤ ਦਰਸ਼ਕਾਂ ਨੂੰ ਪਿਆਰ ਦੇ ਹਰ ਪਹਿਲੂ ਨੂੰ ਗਲੇ ਲਗਾਉਣ ਲਈ ਸੱਦਾ ਦਿੰਦਾ ਹੈ - ਇਸਦੇ ਸੰਬੰਧ ਤੋਂ ਲੈ ਕੇ ਇਸਦੀ ਅਟੱਲ ਉਦਾਸੀ ਤੱਕ। ਮੁਬਾਰਕਾਂ ਤੁਹਾਨੂੰ ਹਰ ਹੰਝੂ ਵਿੱਚ ਸੁੰਦਰਤਾ ਤੇ ਪਿਆਰ ਦਾ ਅਹਿਸਾਸ ਕਰਵਾਉਂਦਾ ਹੈ।

ਯੂ ਐਂਡ ਆਈ ਸੰਗੀਤ ਲੇਬਲ ਨਵੀਨਤਾ ਕਰਨਾ ਜਾਰੀ ਰੱਖਦਾ ਹੈ, ਸੰਗੀਤ ਪ੍ਰਦਾਨ ਕਰਦਾ ਹੈ ਜੋ ਦਿਲਾਂ ਨੂੰ ਹਿਲਾਉਂਦਾ ਹੈ। ਮੁਬਾਰਕਾਂ ਰੋਮਾਂਟਿਕ ਪ੍ਰਗਟਾਵੇ ਵਿੱਚ ਇੱਕ ਨਵਾਂ ਮਾਪਦੰਡ ਸਥਾਪਤ ਕਰਦਾ ਹੈ, ਜੋ ਦੁਨੀਆ ਭਰ ਦੇ ਹਰ ਸਰੋਤੇ ਲਈ ਅਭੁੱਲ ਗੂੰਜ ਦਾ ਵਾਅਦਾ ਕਰਦਾ ਹੈ।

# ਪਿੰਡ ਮਹੇੜੂ ਵਿਖੇ ਦੋ ਰੋਜਾ ਫੁੱਟਬਾਲ ਤੇ ਕਬੱਡੀ ਕੱਪ ਟੂਰਨਾਮੈਂਟ ਦਾ ਹੋਇਆ ਆਗਾਜ

ਫਗਵਾੜਾ 6 ਫਰਵਰੀ ( ਸੁਸ਼ੀਲ ਸ਼ਰਮਾ ) ਯੰਗ ਫਾਰਮਰ ਸਪੋਰਟਸ ਕਲੱਬ ਅਤੇ ਵੈਲਫੇਅਰ ਸੁਸਾਇਟੀ (ਰਜਿ.) ਮਹੇੜੂ ਵਲੋਂ ਗ੍ਰਾਮ ਪੰਚਾਇਤ ਮਹੇੜੂ, ਸਮੂਹ ਨਗਰ ਨਿਵਾਸੀਆਂ ਅਤੇ ਐਨ.ਆਰ.ਆਈ. ਵੀਰਾਂ ਦੇ ਸਹਿਯੋਗ ਨਾਲ ਦੋ ਰੋਜਾ ਫੁਟਬਾਲ ਅਤੇ ਕਬੱਡੀ ਕੱਪ ਦਾ ਅੱਜ ਸ਼ੁੱਭ ਆਰੰਭ ਕੀਤਾ ਗਿਆ। ਫੁੱਟਬਾਲ ਕੱਪ ਦੇ ਪਹਿਲੇ ਦਿਨ ਦਾ ਉਦਘਾਟਨ ਆਮ ਆਦਮੀ ਪਾਰਟੀ ਜਿਲ੍ਹਾ ਕਪੂਰਥਲਾ ਦੇ ਸਕੱਤਰ ਅਸ਼ੋਕ ਭਾਟੀਆ ਅਤੇ ਸਾਥੀਆਂ ਵਲੋਂ ਕਰਵਾਇਆ ਗਿਆ। ਇਸ ਦੌਰਾਨ ਉਹਨਾਂ ਖਿਡਾਰੀਆਂ ਨਾਲ ਜਾਣ-ਪਛਾਣ ਕੀਤੀ ਅਤੇ ਖੇਡ ਭਾਵਨਾ ਨਾਲ ਖੇਡਣ ਲਈ ਪ੍ਰੇਰਿਆ। ਅਸ਼ੋਕ ਭਾਟੀਆ ਨੇ ਕਲੱਬ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਦਾ ਇਹ ਵਧੀਆ ਉਪਰਾਲਾ ਹੈ। ਜਿਸ ਨਾਲ ਉਹਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਸ਼ਰੀਰਿਕ ਤੰਦਰੁਸਤੀ ਪ੍ਰਤੀ ਜਾਗਰੁਕ ਹੋਣ ਦੀ ਸੇਧ ਮਿਲੇਗੀ। ਇਸ ਤੋਂ ਪਹਿਲਾਂ ਕਲੱਬ ਪ੍ਰਧਾਨ ਸਤਵੀਰ ਸਿੰਘ ਢੇਸੀ, ਵਾਈਸ ਪ੍ਰਧਾਨ ਸੁਖਵਿੰਦਰ ਸਿੰਘ, ਮਲਕੀਤ ਸਿੰਘ ਸਕੱਤਰ, ਗੁਰਜੀਤ ਸਿੰਘ ਕੈਸ਼ੀਅਰ ਤੋਂ ਇਲਾਵਾ ਕਲੱਬ ਮੈਂਬਰਾਂ ਸਤਨਾਮ ਸਿੰਘ, ਪਰਮਜੀਤ ਸਿੰਘ, ਹਰਜਿੰਦਰ ਸਿੰਘ, ਬਲਵਿੰਦਰ ਕੁਮਾਰ, ਬਲਵਿੰਦਰ ਸਿੰਘ ਅਤੇ ਬਲਵੀਰ ਚੰਦ ਨੇ ਅਸ਼ੋਕ ਭਾਟੀਆ ਅਤੇ ਸਮੂਹ ਪਤਵੰਤਿਆਂ ਨੂੰ ਜੀ ਆਇਆਂ ਆਖਿਆ। ਇਸ ਮੌਕੇ ਆਮ ਆਦਮੀ ਪਾਰਟੀ ਦੇ ਜਿਲ੍ਹਾ ਕੈਸ਼ੀਅਰ ਹਰੀਓਮ ਗੁਪਤਾ, ਡਾ. ਜਤਿੰਦਰ ਪਰਹਾਰ, ਸਤੀਸ਼ ਸਹੋਤਾ, ਸੁਰਿੰਦਰ ਸੰਧੂ, ਰਾਣੀ ਸੰਧੂ ਸਰਪੰਚ ਸਮੇਤ ਵੱਡੀ ਗਿਣਤੀ ਵਿਚ ਖੇਡ ਪ੍ਰੇਮੀ ਹਾਜਰ ਸਨ।





ਤਸਵੀਰ ਕੈਪਸ਼ਨ - ਫਗਵਾੜਾ ਦੇ ਨਜਦੀਕੀ ਪਿੰਡ ਮਹੇੜੂ ਵਿਖੇ ਆਯੋਜਿਤ ਖੇਡ ਮੁਕਾਬਲੇ ਦੌਰਾਨ ਮੰਚ ਤੇ ਵਿਰਾਜਮਾਨ ਆਪ ਆਗੂ ਅਸ਼ੋਕ ਭਾਟੀਆ ਆਦਿ (ਹੇਠਾਂ) ਖਿਡਾਰੀਆਂ ਨਾਲ ਸਮੂਹਿਕ ਤਸਵੀਰ ਵਿਚ ਪਤਵੰਤੇ।

# ਬੱਚਿਆਂ ਦੀਆਂ ਜਮਾਂਦਰੂ ਬੀਮਾਰੀਆਂ ਦਾ ਆਰ.ਬੀ.ਐਸ.ਕੇ.ਤਹਿਤ ਹੁੰਦਾ ਹੈ ਮੁ.ਫਤ ਇਲ਼ਾਜ: ਸਿਵਲ ਸਰਜਨ ਡਾ.ਗੁਰਮੀਤ ਲਾਲ



ਫ਼ਗਵਾੜਾ 06 ਫਰਵਰੀ (ਸੁਸ਼ੀਲ ਸ਼ਰਮਾ) ਸਿਹਤ ਵਿਭਾਗ ਵਲੋਂ ਰਾਸ਼ਟਰੀ ਬਾਲ ਸਵਾਸਥ ਕਾਰਿਆਕ੍ਰਮ (ਆਰ.ਬੀ.ਐਸ.ਕੇ.) ਦੇ ਤਹਿਤ ਆਂਗਣਵਾੜੀ, ਸਰਕਾਰੀ ਅਤੇ ਏਡਿਡ ਸਕੂਲੀ ਬੱਚਿਆਂ ਦਾ ਰੂਟੀਨ ਹੈਲਥ ਚੈਕਅਪ ਕੀਤਾ ਜਾਂਦਾ ਹੈ। ਸਿਵਲ ਸਰਜਨ ਡਾ.ਗੁਰਮੀਤ ਲਾਲ ਨੇ ਸਿਵਲ ਸਰਜਨ ਦ.ਫਤਰ ਵਿਖੇ ਆਰ.ਬੀ.ਐਸ.ਕੇ. ਤਹਿਤ ਦਿਲ ਦੀ ਬਿਮਾਰੀ ਦਾ ਇਲਾਜ ਕਰਵਾ ਕੇ ਠੀਕ ਹੋ ਚੁੱਕੀਆਂ ਬੱਚੀਆਂ ਪ੍ਰੀਤੀ ਮੇਹਰਾ (6 ਸਾਲ) ਆਂਗਣਵਾੜੀ ਸੈਂਟਰ ਮਕਸੂਦਾਂ ਅਤੇ ਮੋਹਿਨੀ (10 ਸਾਲ) ਗਵਰਨਮੈਂਟ ਪ੍ਰਾਇਮਰੀ ਸਕੂਲ ਅਵਤਾਰ ਨਗਰ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਪ੍ਰੋਤਸਾਹਿਤ ਕਰਦੇ ਹੋਏ ਕਿਹਾ ਕਿ ਉਹ ਹੋਰ ਲੋਕਾਂ ਨੂੰ ਵੀ ਸਿਹਤ ਵਿਭਾਗ ਦੀਆਂ ਸੇਵਾਵਾਂ ਲੈਣ ਲਈ ਪ੍ਰੇਰਿਤ ਕਰਨ।

ਜਿਕਰਯੋਗ ਹੈ ਕਿ ਸਿਹਤ ਵਿਭਾਗ ਜਲੰਧਰ ਵਲੋਂ ਇਨ੍ਹਾਂ ਬੱਚੀਆਂ ਦਾ ਇਲਾਜ ਫੋਰਟਿਸ ਹਸਪਤਾਲ ਵਿਖੇ ਮੁਫਤ ਕਰਵਾਇਆ ਗਿਆ ਹੈ। ਇਸਦੇ ਨਾਲ ਹੀ ਸਿਵਲ ਸਰਜਨ ਵੱਲੋਂ ਆਰ.ਬੀ.ਐਸ.ਕੇ. ਟੀਮ ਵੱਲੋਂ ਅੱਖਾਂ ਦੀ ਸਕ੍ਰੀਨਿੰਗ ਦੌਰਾਨ ਕਮਜੋਰ ਨਜ਼ਰ ਵਾਲੇ ਵਿਦਿਆਰਥਣਾਂ ਨੂੰ ਰੈਫਰ ਕਰਨ ਤੇ ਨੇਸ਼ਨਲ ਪ੍ਰੋਗਰਾਮ ਫਾਰ ਕੰਟਰੇਲ ਅਫ ਬਲਾਈਂਡਨੈੱਸ ਐਂਡ ਵਿਜ਼ਨ ਇਮਪੇਅਰਮੈਂਟ ਦੇ ਤਹਿਤ ਐਨਕਾਂ ਵੀ ਵੰਡੀਆਂ ਗਈਆਂ।

ਸਿਵਲ ਸਰਜਨ ਵੱਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਸਰਕਾਰ ਦੀਆਂ ਹਦਾਇਤਾਂ ਮੁਤਾਬਕ 9 ਤਰ੍ਹਾਂ ਦੀਆਂ ਜਮਾਂਦਰੂ ਬਿਮਾਰੀਆਂ ਰੀੜ੍ਹ ਦੀ ਹੱਡੀ ਵਿੱਚ ਸੋਜ ਜਾ ਫੋੜਾ, ਡਾਊਨ ਸਿਨਡ੍ਰੋਮ, ਖੰਡਾ (ਕਲੈਫਟ ਲਿਪ ਅਤੇ ਕਲੈਫਟ ਪੈਲੇਟ), ਟੇਢੇ ਪੈਰ, ਚੂਲੇ ਦਾ ਠੀਕ ਤਰ੍ਹਾਂ ਵਿਕਸੀਤ ਨਾ ਹੋਣਾ, ਜਮਾਂਦਰੂ ਬੋਲਾਪਣ, ਜਮਾਂਦਰੂ ਦਿਲ ਦੀਆਂ ਬਿਮਾਰੀਆਂ, ਜਮਾਂਦਰੂ ਚਿੱਟਾ ਮੋਤੀਆ ਅਤੇ ਸਮੇਂ ਤੋਂ ਪਹਿਲੇ ਜਨਮੇ ਬੱਚਿਆਂ ਵਿੱਚ ਅੱਖਾਂ ਦੇ ਪਰਦੇ ਦਾ ਨੁਕਸ ਦੀ ਸਕ੍ਰੀਨਿੰਗ (ਸਿਹਤ ਜਾਂਚ) ਸਿਹਤ ਸੰਸਥਾਵਾਂ ਵਿਖੇ ਹਰ ਡਿਲੀਵਰੀ ਪੁਆਇੰਟ ਤੇ ਕੀਤੀ ਜਾਂਦੀ ਹੈ ਅਤੇ ਇਨ੍ਹਾਂ ਸਾਰੀਆਂ ਬਿਮਾਰੀਆਂ ਦਾ ਇਲਾਜ ਸਰਕਾਰ ਵੱਲੋਂ ਆਰ.ਬੀ.ਐਸ.ਕੇ. ਦੇ ਪ੍ਰੋਗਰਾਮ ਅਧੀਨ ਮੁ.ਫਤ ਕਰਵਾਉਣ ਦੀ ਸਹੂਲਤ ਦਿੱਤੀ ਜਾਂਦੀ ਹੈ। ਉਨ੍ਹਾਂ ਨੇ ਆਰ.ਬੀ.ਐਸ.ਕੇ ਟੀਮ ਨੂੰ ਬੱਚਿਆਂ ਚ ਹੋਣ ਵਾਲੀਆਂ ਜਮਾਂਦਰੂ ਬਿਮਾਰੀਆਂ ਦੀ ਸਕ੍ਰੀਨਿੰਗ ਸਮੇਂ ਸਿਰ ਕਰਨ ਅਤੇ ਸਕੂਲੀ ਤੇ ਆਂਗਣਵਾੜੀ ਬੱਚਿਆਂ ਦਾ 100 ਫੀਸਦੀ ਚੈਕਅਪ ਯਕੀਨੀ ਬਣਾਉਣ ਦੀ ਹਦਾਇਤ ਕੀਤੀ। ਉਨ੍ਹਾਂ ਦੱਸਿਆ ਕਿ ਆਰ.ਬੀ.ਐਸ.ਕੇ. ਤਹਿਤ ਜਿਲ੍ਹੇ ਦੇ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ 20 ਵਿਸ਼ੇਸ਼ ਮੋਬਾਈਲ ਹੈਲਥ ਟੀਮਾਂ ਤੈਨਾਤ ਹਨ। ਜਿਨ੍ਹਾਂ ਵਲੋਂ ਆਂਗਣਵਾੜੀ ਦੇ ਬੱਚਿਆਂ ਦੀ ਸਾਲ ਵਿੱਚ ਦੋ ਵਾਰ ਅਤੇ ਸਕੂਲੀ ਬੱਚਿਆਂ ਦੀ ਇਕ ਵਾਰ ਸਕ੍ਰੀਨਿੰਗ ਕੀਤੀ ਜਾਂਦੀ ਹੈ। ਜਿਸ ਦਾ ਮੁੱਖ ਮੰਤਵ ਬੱਚਿਆਂ ਵਿੱਚ ਜਮਾਂਦਰੂ ਨੁਕਸਾਂ ਸਰੀਰਕ ਕਮੀ, ਬਚਪਨ ਦੀਆਂ ਬਿਮਾਰੀਆਂ, ਸਰੀਰਕ ਅਤੇ ਬੋਧਿਕ ਵਿਕਾਸ ਵਿੱਚ ਦੇਰੀ ਕਾਰਨ ਹੋਣ ਵਾਲੀਆਂ 30 ਕਿਸਮ ਦੀਆਂ ਬਿਮਾਰੀਆਂ ਦੀ ਜਾਂਚ ਕਰਨਾ ਹੈ ਤਾਂ ਜੋ ਸਮੇਂ ਰਹਿੰਦਿਆਂ ਇਸਦਾ ਇਲਾਜ ਕੀਤਾ ਜਾ ਸਕੇ।

ਸਿਵਲ ਸਰਜਨ ਵਲੋਂ ਦੱਸਿਆ ਗਿਆ ਕਿ ਅਪ੍ਰੈਲ 2024 ਤੋਂ ਦਸੰਬਰ 2024 ਤੱਕ ਮੋਬਾਈਲ ਹੈਲਥ ਟੀਮਾਂ ਵਲੋਂ ਜਿਲ੍ਹੇ ਦੇ 1451 ਸਕੂਲਾਂ ਵਿੱਚ 1,35,832 ਬੱਚਿਆਂ ਦੀ ਸਕ੍ਰੀਨਿੰਗ ਕੀਤੀ ਗਈ, ਕੁੱਲ 3,767 ਬੱਚੇ ਵੱਖ-ਵੱਖ ਬਿਮਾਰੀਆਂ ਤੋਂ ਪੀੜਤ ਪਾਏ ਗਏ ਸਨ। ਇਨ੍ਹਾਂ ਵਿਚੋਂ 25 ਬੱਚੇ ਦਿਲ ਦੀਆਂ ਬਿਮਾਰੀਆਂ ਨਾਲ ਪੀੜਤ ਪਾਏ ਗਏ ਸਨ। ਜਿਨ੍ਹਾਂ ਨੂੰ ਆਰ.ਬੀ.ਐਸ.ਕੇ. ਤਹਿਤ ਡੀ.ਐਚ.ਐਸ. ਚੰਡੀਗੜ ਤੋਂ ਪ੍ਰਵਾਨਗੀ ਉਪਰੰਤ ਪੀ.ਜੀ.ਆਈ. ਅਤੇ ਐਮਪੈਨਲਡ ਹਸਪਤਾਲਾਂ ਚ ਇਲਾਜ ਲਈ ਭੇਜਿਆ ਹੈ, ਜਿੱਥੇ ਹੁਣ ਤੱਕ 13 ਬੱਚਿਆਂ ਦਾ ਇਲਾਜ ਹੋ ਚੁੱਕਾ ਹੈ ਅਤੇ ਬਾਕੀ ਜੇਰੇ ਇਲਾਜ ਹਨ। ਇਸ ਤੋਂ ਇਲਾਵਾ ਅਨੀਮਿਆ, ਡੈਂਟਲ, ਚਮੜੀ, ਅੱਖਾਂ, ਖੰਡਾ (ਕਲੈਫਟ ਲਿਪ ਅਤੇ ਕਲੈਫਟ ਪੈਲੇਟ), ਵਿਟਾਮਿਨ ਏ ਦੀ ਕਮੀ ਆਦਿ ਤੋਂ ਪੀੜਤ ਬੱਚਿਆਂ ਦਾ ਇਲਾਜ ਚੱਲ ਰਿਹਾ ਹੈ। ਇਸ ਮੌਕੇ ਜਿਲ੍ਹਾ ਟੀਕਾਕਰਨ ਅ.ਫਸਰ ਕਮ ਨੋਡਲ ਅਫਸਰ ਆਰ.ਬੀ.ਐਸ.ਕੇ ਡਾ.ਰਾਕੇਸ਼ ਚੋਪੜਾ, ਜਿਲ੍ਹਾ ਪਰਿਵਾਰ ਭਲਾਈ ਅਫਸਰ ਡਾ.ਰਮਨ ਗੁਪਤਾ,ਜਿਲ੍ਹਾ ਸਿਹਤ ਅ.ਫਸਰ ਡਾ. ਸੁਖਵਿੰਦਰ ਸਿੰਘ,ਮੈਡੀਕਲ ਅ.ਫਸਰ ਡਾ.ਜਸਵਿੰਦਰ ਸਿੰਘ,ਸੁਪਰਡੈਂਟ ਯੋਗਰਾਜ, ਡਿਪਟੀ ਐਮ.ਈ.ਆਈ.ਓ.ਅਸੀਮ ਸ਼ਰਮਾ,ਆਰ.ਬੀ.ਐਸ.ਕੇ.ਕੋਆਰਡੀਨੇਟਰ ਪਰਮਵੀਰ ਝੱਮਟ,ਏ.ਐਮ.ਓ.ਡਾ.ਦੇਵ,ਏ.ਐਮ.ਓ.ਡਾ.ਮੋਨਿਕਾ,ਫਾਰਮਾਸਿਸਟ ਕਾਮਨਾ ਅਤੇ ਓਪਥੈਲੇਮਿਕ ਅ.ਫਸਰ ਵਿਸ਼ਾਲ ਮੌਜੂਦ ਸਨ।

# ਆਪਣਾ ਕੰਮ ਪੂਰੀ ਤਨਦੇਹੀ ਨਾਲ ਕਰਨ ਡਾਕਟਰ-ਡਾ.ਰਿਚਾ ਭਾਟੀਆ



ਫ਼ਗਵਾੜਾ 6 ਫਰਵਰੀ (ਸੁਸ਼ੀਲ ਸ਼ਰਮਾ) ਸਿਵਲ ਸਰਜਨ ਕਪੂਰਥਲਾ ਡਾ.ਰਿਚਾ ਭਾਟੀਆ ਦੀ ਰਹਿਨੁਮਾਈ ਹੇਠ ਡੇਂਟਲ ਵਿਭਾਗ ਦੇ ਡਾਕਟਰਾਂ ਦੀ ਮਹੀਨਾਵਾਰ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਤੇ ਜਿਲਾ ਡੇਂਟਲ ਹੈਲਥ ਅ.ਫਸਰ ਕਪਿਲ ਡੋਗਰਾ ਵੀ ਹਾਜ਼ਰ ਸਨ। ਇਸ ਮੌਕੇ ਵਿਭਾਗ ਦੀ ਪਿਛਲੀ ਕਾਰਗੁਜ਼ਾਰੀ ਬਾਰੇ ਚਰਚਾ ਕੀਤੀ ਗਈ ਤੇ ਭਵਿੱਖ ਵਿਚ ਕੀਤੀਆਂ ਜਾਣ ਵਾਲੀਆਂ ਗਤਿਵਧੀਆ ਤੇ ਵਿਚਾਰ ਕੀਤਾ ਗਿਆ। ਡਾ.ਰਿਚਾ ਭਾਟੀਆ ਨੇ ਡਾਕਟਰਾਂ ਨੂੰ ਆਪਣਾ ਕੰਮ ਪੂਰੀ ਤਨਦੇਹੀ ਨਾਲ ਕਰਨ ਲਈ ਪ੍ਰੇਰਿਆ।

ਇਸ ਤੋਂ ਇਲਾਵਾ ਇਸ ਮੌਕੇ ਤੇ ਨੈਸ਼ਨਲ ਕੁਆਲਿਟੀ ਅਸ਼ੋਰਾਂਸ ਦੀਆਂ ਗਾਈਲਾਈਨਜ਼ ਨੂੰ ਜਿਲ੍ਹੇ ਦੀਆਂ ਸਿਹਤ ਸੰਸਥਾਵਾਂ ਵਿੱਚ ਪ੍ਰਭਾਵੀ ਢੰਗ ਨਾਲ ਲਾਗੂ ਕਰਨ ਤੇ ਵੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਤੇ ਡਿਪਟੀ ਮੈਡੀਕਲ ਕਮਿਸ਼ਨਰ ਡਾ.ਸੰਦੀਪ ਭੋਲਾ,ਡਾ.ਮੋਨਿੰਦਰ ਕੌਰ,ਡਾ.ਗੁਰਦੇਵ ਭੱਟੀ,ਡਾ.ਦੀਪਕ ਜੈਨ,ਏ. ਐਚ.ਏ.ਦੀਪਿਕਾ,ਪ੍ਰਭਾਤ ਸ਼ਰਮਾ ਤੇ ਹੋਰ ਹਾਜ਼ਰ ਸਨ।

# ਥਾਣਾ ਮੇਹਟੀਆਣਾ ਦੀ ਪੁਲਿਸ ਵਲੋਂ ਇੱਕ ਦੇਸੀ ਕੱਟਾ ਅਤੇ 315 ਦਾ ਬੋਰ ਰੱਖਣ ਵਾਲੇ ਵਿਆਕਤੀਆਂ ਨੂੰ ਕੀਤਾ ਕਾਬੂ !

ਹੁਸ਼ਿਆਰਪੁਰ 6 ਫਰਵਰੀ ( ਤਰਸੇਮ ਦੀਵਾਨਾ ) ਸੁਰਿੰਦਰ ਲਾਂਬਾ ਆਈ.ਪੀ.ਐਸ.ਸੀਨੀਅਰ ਪੁਲਿਸ ਕਪਤਾਨ ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸਾ ਅਤੇ ਸਰਬਜੀਤ ਸਿੰਘ ਬਾਹੀਆ ਪੀ.ਪੀ.ਐਸ.ਐਸ. ਪੁਲਿਸ ਕਪਤਾਨ ਤਫਤੀਸ਼ ਹੁਸ਼ਿਆਰਪੁਰ ਦੀ ਰਹਿਨੁਮਾਈ ਹੇਠ ਨਜਾਇਜ ਅਸਲਾ ਰੱਖਣ ਵਾਲੇ ਵਿਅਕਤੀਆ ਦੇ ਖਿਲਾਫ ਮੁਹਿੰਮ ਸ਼ੁਰੂ ਕੀਤੀ ਹੋਈ ਹੈਂ ! ਇਸ ਸਬੰਧੀ ਸ਼ੱਕੀ ਵਿਅਕਤੀ ਤੇ ਨਿਗਾਹ ਰੱਖਣ ਵਾਸਤੇ ਵਿੱਚ ਪਿੰਡ ਅਜਨੋਹਾ ਦੀ ਨਹਿਰ ਨਾਕਾ ਲਾਇਆ ਹੋਇਆ ਸੀ ਤਾਂ ਕਿਸੇ ਖਾਸ ਵਿਅਕਤੀ ਨੇ ਪੁਲਿਸ ਨੂੰ ਇਤਲਾਹ ਦਿੱਤੀ ਕਿ ਹਰਨਾਮ ਸਿੰਘ ਉਰਫ ਨਾਮੀ ਪੁੱਤਰ ਹਰੀ ਪਾਲ ਵਾਸੀ ਤਾਮ ਥਾਣਾ ਚੱਬੇਵਾਲ ਸਮੇਤ ਸਰਬਜੀਤ ਸਿੰਘ ਉਰਫ ਸਾਬੀ ਪੁੱਤਰ ਬਲਵੀਰ ਸਿੰਘ ਵਾਸੀ ਬਿਛੋਹੀ ਥਾਣਾ ਚੱਬੇਵਾਲ ਜੋ ਕਿ ਇੱਕ ਕਾਰ ਨੰਬਰ ♦2-08-3♠-1833 ਵਰਨਾ ਰੰਗ ਚਿੱਟਾ ਪਰ ਮਾਇਓਪੋਟੀ ਸਾਇਡ ਤੋ ਅਜਨੋਹਾ ਵੱਲ ਨੂੰ ਆ ਰਹੇ ਹਨ, ਜਿਹਨਾਂ ਦੇ ਕੋਲ ਨਜਾਇਜ ਅਸਲਾ ਹੈ ਜੇਕਰ ਚੈਕਿੰਗ ਕੀਤੀ ਜਾਵੇ ਤਾਂ ਨਜਾਇਜ ਅਸਲਾ ਬਰਾਮਦ



ਹੋ ਸਕਦਾ ਹੈ, ਜਿਸ ਤੇ ਏ ਐਸ ਆਈ ਨੇ ਸਾਥੀ ਕਰਮਚਾਰੀਆ ਸਮੇਤ ਅਜਨੋਹਾ ਨਹਿਰ ਦੇ ਪੁੱਲ ਤੇ ਸਖ਼ਤ ਨਾਕਾਬੰਦੀ ਕਰਕੇ ਆਉਂਦੇ ਜਾਂਦੇ ਵਹੀਕਲਾ ਨੂੰ ਚੈਕ ਕਰਨ ਲੱਗਾ ਤਾਂ ਇੰਨੇ ਨੂੰ ਇਕ ਕਾਰ ਨਹਿਰ ਦੇ ਪੁਲ ਤੋ ਅਜਨੋਹਾ ਵੱਲ ਨੂੰ ਆਉਂਦੀ ਦਿਖਾਈ ਦਿੱਤੀ ਤੇ ਏ ਐਸ ਆਈ ਨੇ ਟਾਰਚ ਦਾ ਇਸ਼ਾਰਾ ਕਰਕੇ ਉਕਤ ਕਾਰ ਨੂੰ ਰੁਕਣ ਦਾ ਇਸ਼ਾਰਾ ਕੀਤਾ ਤਾਂ ਕਾਰ, ਚਾਲਕ ਨੇ ਬਰੇਕ ਲੱਗਾ ਗੱਡੀ ਪਿੱਛੇ ਲਿਜਾਣ ਦੀ ਕੋਸ਼ਿਸ਼ ਕੀਤੀ ਤਾਂ ਪੁਲਿਸ ਨੇ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਉਕਤ ਗੱਡੀ ਨੂੰ ਰੋਕ ਕੇ ਉਸ ਵਿੱਚ ਬੈਠੇ ਦੋ ਨੌਜਵਾਨਾ ਨੂੰ ਗੱਡੀ ਬੰਦ ਕਰਵਾ ਗੱਡੀ ਦਾ ਨੰਬਰ ਚੈਕ ਕਰਨ ਤੇ ਕਾਰ ਵਿੱਚ ਬੈਠੇ ਨੌਜਵਾਨਾ ਨੂੰ ਬਾਹਰ ਕੱਢ ਕੇ ਵਾਰੋ-ਵਾਰੀ ਨਾਮ ਪਤਾ ਪੁੱਛਿਆ ਜੋ ਗੱਡੀ ਚਾਲਕ ਨੇ ਆਪਣਾ ਨਾਮ ਸਰਬਜੀਤ ਸਿੰਘ ਉਰਫ ਸਾਬੀ ਪੁੱਤਰ ਬਲਵੀਰ ਸਿੰਘ ਵਾਸੀ ਬਿਛੋਹੀ ਥਾਣਾ ਚੱਬੇਵਾਲ ਦੱਸਿਆ ਤੇ ਨਾਲ ਦੀ ਦੂਸਰੀ ਸੀਟ ਤੇ ਬੈਠਣ ਵਾਲੇ ਨੌਜਵਾਨ ਨੇ ਆਪਣਾ ਨਾਮ ਹਰਨਾਮ ਸਿੰਘ ਉਰਫ ਨਾਮੀ ਪੁੱਤਰ ਹਰੀ ਪਾਲ ਵਾਸੀ ਭਾਮ ਥਾਣਾ ਚੱਬੇਵਾਲ ਦੱਸਿਆ, ਜਿਸਤੇ ਪੁਲਿਸ ਪਾਰਟੀ ਨੇ ਕਾਰ ਤੇ ਕਾਰ ਵਿੱਚ ਬੈਠੇ ਵਿਅਕਤੀਆਂ ਨੂੰ ਕਾਬੂ ਕਰ ਲਿਆ ਅਤੇ ਉਕਤ ਵਿਅਕਤੀਆਂ ਦੀ ਤਲਾਸ਼ੀ ਕਰਨ ਤੇ ਇੱਕ ਦੇਸੀ ਕੱਟਾ 315 ਬੋਰ ਬ੍ਰਾਮਦ ਹੋਇਆ, ਜਿਸ ਨੂੰ ਖੋਲ ਕੇ ਚੈੱਕ ਕਰਨ ਤੇ ਉਸ ਵਿੱਚੋਂ ਇੱਕ ਰੋਦ 315 ਬੋਰ ਲੋਡ ਬਰਾਮਦ ਹੋਇਆ।

ਜਿਸ ਤੇ ਅਸਲਾ ਐਕਟ ਤਹਿਤ ਥਾਣਾ ਮੇਹਟੀਆਣਾ ਵਿਖੇ ਮੁਕਦਮਾ ਦਰਜ ਕੀਤਾ ਗਿਆ। ਉਹਨਾਂ ਕਿਹਾ ਕਿ ਕਥਿਤ ਦੋਸ਼ੀਆਂ ਪਾਸੋ ਪੁੱਛ-ਗਿੱਛ ਜਾਰੀ ਹੈ ਅਤੇ ਕਥਿਤ ਦੋਸ਼ੀਆਂ ਪਾਸੋ ਹੋਰ ਵੀ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਖ਼ਾਲਸਾ ਕਾਲਜ ਡੁਮੇਲੀ ਵਿਖੇ ਰਾਸ਼ਟਰੀ ਸਫ਼ਾਈ ਦਿਵਸ ਮਨਾਇਆ



ਫ਼ਗਵਾੜਾ 6 ਫਰਵਰੀ (ਸੁਸ਼ੀਲ ਸ਼ਰਮਾ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਚੱਲ ਰਹੇ ਵਿਦਿਅਕ ਅਦਾਰੇ ਸੰਤ ਬਾਬਾ ਦਲੀਪ ਸਿੰਘ ਮੈਮੋਰੀਅਲ ਖ਼ਾਲਸਾ ਕਾਲਜ ਡੁਮੇਲੀ ਵਿਖੇ ਰੈੱਡ ਰਿਬਨ ਕਲੱਬ ਅਤੇ ਕੌਮੀ ਸੇਵਾ ਯੋਜਨਾ ਵਿਭਾਗ ਵੱਲੋਂ ਰਾਸ਼ਟਰੀ ਸਫ਼ਾਈ ਦਿਵਸ ਮਨਾਇਆ ਗਿਆ,ਜਿਸ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੇ ਵਿੱਚ ਆਪਣੇ ਚੌਗਿਰਦੇ ਨੂੰ ਸਾਫ਼ ਰੱਖਣ ਦੀ ਭਾਵਨਾ ਪੈਦਾ ਕਰਨਾ ਹੈ। ਇਸ ਮੌਕੇ ਕਾਲਜ ਦੇ ਸਮੂਹ ਵਿਦਿਆਰਥੀਆਂ ਦੇ ਦੁਆਰਾ ਕਾਲਜ ਕੈਂਪਸ ਦੀ ਸਫ਼ਾਈ ਕੀਤੀ ਗਈ। ਇਸ ਮੌਕੇ ਰੈੱਡ ਰਿਬਨ ਕਲੱਬ ਦੇ ਇੰਚਾਰਜ ਪ੍ਰੋ.ਅਮਰਪਾਲ ਕੌਰ ਜੀ ਦੇ ਦੁਆਰਾ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਕਿਹਾ ਗਿਆ ਕਿ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਹੈ ਕਿ ਅਸੀਂ ਆਪਣੇ ਵਾਤਾਵਰਣ ਨੂੰ ਸਾਫ਼ ਰੱਖੀਏ,ਕਿਉਂਕਿ ਜੇਕਰ ਸਾਡਾ ਆਲਾ-ਦੁਆਲਾ ਸਾਫ਼ ਹੋਵੇਗਾ ਤਾਂ ਹੀ ਅਸੀਂ ਤੰਦਰੁਸਤ ਰਹਿ ਸਕਦੇ ਹਾਂ। ਇਸ ਮੌਕੇ ਕੌਮੀ ਸੇਵਾ ਯੋਜਨਾ ਵਿਭਾਗ ਦੇ ਮੁਖੀ ਪ੍ਰੋ.ਦਮਨਜੀਤ ਕੌਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਫ਼ਾਈ ਦਾ ਸਾਡੇ ਜੀਵਨ ਵਿੱਚ ਬਹੁਤ ਮਹੱਤਵ ਹੈ। ਅਰੋਗ ਰਹਿਣ ਲਈ ਸਾਨੂੰ ਸਾਰਿਆਂ ਨੂੰ ਸਫ਼ਾਈ ਦੇ ਮਹੱਤਵ ਨੂੰ ਜਾਨਣ ਦੀ ਲੋੜ ਹੈ। ਕਾਲਜ ਪ੍ਰਿੰਸੀਪਲ ਡਾ ਗੁਰਨਾਮ ਸਿੰਘ ਰਸੂਲਪੁਰ ਜੀ ਦੇ ਦੁਆਰਾ ਆਪਣੇ ਅੰਦਰ ਦੇਸ਼ ਪ੍ਰਤੀ ਸੇਵਾ ਭਾਵਨਾ ਨੂੰ ਉਜਾਗਰ ਕਰਨ ਲਈ ਉਤਸ਼ਾਹਿਤ ਕੀਤਾ ਗਿਆ ਅਤੇ ਵਦਿਆਰਥੀਆਂ ਨੂੰ ਅਜਿਹੀਆਂ ਗਤੀਵਿਧੀਆਂ ਵਿੱਚ ਵੱਧ ਚੜ ਕੇ ਹਿੱਸਾ ਲੈਣ ਲਈ ਪ੍ਰੇਰਿਆ ਗਿਆ।ਇਸ ਮੌਕੇ ਕਾਲਜ ਦਾ ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

# ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਨੇ ਵਿਦਿਆਰਥਣ ਦੀ ਸਾਲ ਭਰ ਦੀ ਫੀਸ ਸਕੂਲ ਨੂੰ ਕੀਤੀ ਭੇਂਟ



ਫਗਵਾੜਾ ( ਸੁਸ਼ੀਲ ਸ਼ਰਮਾ ) ਲਾਇਨਜ਼ ਇੰਟਰਨੈਸ਼ਨਲ 321-ਡੀ ਦੀ ਮੋਹਰੀ ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਨੇ ਬੇਟੀ ਪੜ੍ਹਾਓ ਮੁਹਿੰਮ ਤਹਿਤ ਅੱਜ ਇਕ ਸਕੂਲੀ ਵਿਦਿਆਰਥਣ ਦੀ ਪੂਰੇ ਸਾਲ ਦੀ ਟਿਊਸ਼ਨ ਫੀਸ ਸਕੂਲ ਪ੍ਰਿੰਸੀਪਲ ਨੂੰ ਅਦਾ ਕੀਤੀ। ਇਸ ਦੌਰਾਨ ਕਲੱਬ ਦੇ ਪ੍ਰਧਾਨ ਲਾਇਨ ਸੰਜੀਵ ਸੂਰੀ, ਮੀਤ ਪ੍ਰਧਾਨ ਲਾਇਨ ਸੁਮਿਤ ਭੰਡਾਰੀ ਅਤੇ ਕੈਸ਼ੀਅਰ ਲਾਇਨ ਅਜੈ ਕੁਮਾਰ ਨੇ ਦੱਸਿਆ ਕਿ ਰਾਮਗੜ੍ਹੀਆ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਪੁਰਾਣਾ ਡਾਕਖਾਨਾ ਰੋਡ ਦੀ ਦੂਜੀ ਜਮਾਤ ਦੀ ਵਿਦਿਆਰਥਣ ਜਿਸ ਦਾ ਪਰਿਵਾਰ ਆਰਥਿਕ ਪੱਖੋਂ ਬਹੁਤ ਕਮਜ਼ੋਰ ਹੈ, ਉਸ ਦੀ ਸਾਲ ਭਰ ਦੀ ਫੀਸ ਸਕੂਲ ਨੂੰ ਦਿੱਤੀ ਗਈ ਹੈ। ਉਹਨਾਂ ਦੱਸਿਆ ਕਿ ਇਸ ਪ੍ਰੋਜੈਕਟ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕਿਸੇ ਵੀ ਪਰਿਵਾਰ ਦੀ ਧੀ ਆਰਥਿਕ ਤੰਗੀ ਕਾਰਨ ਸਿੱਖਿਆ ਦੇ ਅਧਿਕਾਰ ਤੋਂ ਵਾਂਝੀ ਨਾ ਰਹੇ। ਸਕੂਲ ਪ੍ਰਿੰਸੀਪਲ ਸਵਿਤਾ ਹਾਂਡਾ ਅਤੇ ਸਟਾਫ਼ ਨੇ ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਮਹਿਲਾ ਸਸ਼ਕਤੀਕਰਨ ਲਈ ਬੇਟੀਆਂ ਦਾ ਉਚੇਰੀ ਸਿੱਖਿਆ ਪ੍ਰਾਪਤ ਕਰਨਾ ਬਹੁਤ ਜ਼ਰੂਰੀ ਹੈ, ਤਾਂ ਹੀ ਉਹ ਆਤਮ ਨਿਰਭਰ ਬਣਨ ਦੇ ਕਾਬਲ ਹੋ ਸਕਦੀਆਂ ਹਨ। ਇਸ ਦਿਸ਼ਾ ਵਿੱਚ ਸਰਕਾਰਾਂ ਤੋਂ ਇਲਾਵਾ ਸਮਾਜ ਸੇਵੀ ਸੰਸਥਾਵਾਂ ਨੂੰ ਵੀ ਲੋੜਵੰਦ ਵਿਦਿਆਰਥਣਾਂ ਦੀ ਹਰ ਸੰਭਵ ਮਦਦ ਕਰਦੇ ਰਹਿਣਾ ਚਾਹੀਦਾ ਹੈ।

# ਅੰਕੁਸ਼ ਧੀਮਾਨ ਬਣੇ ਬਲਾਕ ਕਾਂਗਰਸ ਫਗਵਾੜਾ ਸਿਟੀ ਦੇ ਜਨਰਲ ਸਕੱਤਰ

## * ਜਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਧਾਲੀਵਾਲ ਨੇ ਦਿੱਤਾ ਨਿਯੁਕਤੀ ਪੱਤਰ



ਫਗਵਾੜਾ ( ਸੁਸ਼ੀਲ ਸ਼ਰਮਾ ) ਜਿਲ੍ਹਾ ਕਪੂਰਥਲਾ ਕਾਂਗਰਕ ਕਮੇਟੀ ਦੇ ਪ੍ਰਧਾਨ ਬਲਵਿੰਦਰ ਸਿੰਘ ਧਾਲੀਵਾਲ ਨੇ ਫਗਵਾੜਾ ਦੇ ਮਿਹਨਤੀ ਪਾਰਟੀ ਵਰਕਰ ਅੰਕੁਸ਼ ਧੀਮਾਨ ਨੂੰ ਜਨਰਲ ਸਕੱਤਰ ਫਗਵਾੜਾ ਸਿਟੀ ਨਿਯੁਕਤ ਕੀਤਾ ਹੈ। ਅੰਕੁਸ਼ ਧੀਮਾਨ ਨੂੰ ਨਿਯੁਕਤੀ ਪੱਤਰ ਦੇਣ ਸਮੇਂ ਧਾਲੀਵਾਲ ਨੇ ਫਗਵਾੜਾ ਵਿਧਾਨਸਭਾ ਹਲਕੇ 'ਚ ਕਾਂਗਰਸ ਪਾਰਟੀ ਦੇ ਸੰਗਠਨ ਦੀ ਮਜਬੂਤੀ ਲਈ ਕੰਮ ਕਰਨ ਦੀ ਹਦਾਇਤ ਕੀਤੀ। ਅੰਕੁਸ਼ ਧੀਮਾਨ ਨੇ ਆਪਣੀ ਨਿਯੁਕਤੀ ਲਈ ਜਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਧਾਲੀਵਾਲ ਤੋਂ ਇਲਾਵਾ ਬਲਾਕ ਫਗਵਾੜਾ ਸਿਟੀ ਪ੍ਰਧਾਨ ਤਰਨਜੀਤ ਸਿੰਘ ਬੰਟੀ ਵਾਲੀਆ ਸਮੇਤ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਭਰੋਸਾ ਦਿੱਤਾ ਕਿ ਉਹ ਆਪਣੀ ਜਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ ਅਤੇ 2027 ਦੀਆਂ ਪੰਜਾਬ ਵਿਧਾਨਸਭਾ ਚੋਣਾਂ ਤੋਂ ਪਹਿਲਾਂ ਫਗਵਾੜਾ ਹਲਕੇ 'ਚ ਪਾਰਟੀ ਨੂੰ ਚੱਟਾਨ ਵਾਂਗੂ ਮਜਬੂਤ ਬਨਾਉਣ ਲਈ ਹੁਣ ਤੋਂ ਹੀ ਯਤਨ ਸ਼ੁਰੂ ਕਰਨਗੇ। ਫਗਵਾੜਾ ਸਿਟੀ ਦੇ ਜਨਰਲ ਸਕੱਤਰ ਵਜੋਂ ਅੰਕੁਸ਼ ਧੀਮਾਨ ਦੀ ਨਿਯੁਕਤੀ ਦਾ ਸਵਾਗਤ ਕਰਦੇ ਹੋਏ ਸੀਨੀਅਰ ਕਾਂਗਰਸ ਆਗੂਆਂ ਸੰਜੀਵ ਬੁੱਗਾ, ਸੁਸ਼ੀਲ ਮੈਨੀ ਕੌਂਸਲਰ, ਮਲਕੀਅਤ ਸਿੰਘ ਰਘਬੋਤਰਾ ਸਾਬਕਾ ਪ੍ਰਧਾਨ ਨਗਰ ਕੌਂਸਲ ਫਗਵਾੜਾ, ਮਨੀਸ਼ ਭਾਰਦਵਾਜ, ਪੱਪੀ ਪਰਮਾਰ, ਮੁਕੇਸ਼ ਭਾਟੀਆ, ਜਗਜੀਵਨ ਲਾਲ ਖਲਵਾੜਾ ਤੇ ਬੌਬੀ ਵੋਹਰਾ ਨੇ ਕਿਹਾ ਕਿ ਅੰਕੁਸ਼ ਧੀਮਾਨ ਪਾਰਟੀ ਦੇ ਨਿਧੜਕ ਤੇ ਮਿਹਨਤੀ ਆਗੂ ਹਨ। ਉਹਨਾਂ ਦੇ ਜਨਰਲ ਸਕੱਤਰ ਬਣਨ ਦੇ ਨਾਲ ਯਕੀਨੀ ਤੌਰ ਤੇ ਫਗਵਾੜਾ ਵਿਧਾਨਸਭਾ ਹਲਕੇ 'ਚ ਕਾਂਗਰਸ ਪਾਰਟੀ ਨੂੰ ਹੋਰ ਮਜਬੂਤੀ ਮਿਲੇਗੀ।

# ਪਿੰਡ ਝੰਡੇਰ ਕਲਾਂ ਵਿਖੇ ਕਰਵਾਏ ਬਲਵਿੰਦਰ ਸਿੰਘ ਬੱਗਾ ਪਹਿਲਵਾਨ ਦੀ ਯਾਦ ਨੂੰ ਸਮਰਪਿਤ ਕੁਸ਼ਤੀ ਮੁਕਾਬਲੇ



ਫਗਵਾੜਾ ( ਸੁਸ਼ੀਲ ਸ਼ਰਮਾ ) ਸਮੂਹ ਸ਼ੇਰਗਿਲ ਪਰਿਵਾਰ ਅਤੇ ਐਨ.ਆਰ.ਆਈ. ਵੀਰਾਂ ਵਲੋਂ ਬਲਵਿੰਦਰ ਸਿੰਘ ਬੱਗਾ ਪਹਿਲਵਾਨ ਦੀ ਮਿੱਠੀ ਯਾਦ ਨੂੰ ਸਮਰਪਿਤ ਮਹਾਨ ਕੁਸ਼ਤੀ ਦੰਗਲ ਮੁਕਾਬਲੇ ਸਮੂਹ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਸ਼ਹੀਦ ਬਾਬਾ ਸੇਲਬਹਾਰ ਦੇ ਅਸਥਾਨ ਪਿੰਡ ਝੰਡੇਰ ਕਲਾਂ ਵਿਖੇ ਕਰਵਾਏ ਗਏ। ਵਧੇਰੇ ਜਾਣਕਾਰੀ ਦਿੰਦਿਆਂ ਅੰਤਰਰਾਸ਼ਟਰੀ ਪਹਿਲਵਾਨ ਅਤੇ ਕੁਸ਼ਤੀ ਦੇ ਤਕਨੀਕੀ ਮਾਹਿਰ ਅਮਰੀਕ ਸਿੰਘ ਮੇਹਲੀ ਨੇ ਦੱਸਿਆ ਕਿ ਪਰਮਜੀਤ ਸਿੰਘ ਪੰਮਾ ਕਨੇਡਾ ਦੇ ਵਿਸ਼ੇਸ਼ ਸਹਿਯੋਗ ਨਾਲ ਆਯੋਜਿਤ ਇਸ ਕੁਸ਼ਤੀ ਦੰਗਲ ਵਿਚ ਲੜਕੇ ਅਤੇ ਲੜਕੀਆਂ ਦੀਆਂ ਕੁਸ਼ਤੀਆਂ ਕਰਵਾਈਆਂ ਗਈਆਂ। ਪਟਕੇ ਦੀਆਂ ਤਿੰਨ ਕੁਸ਼ਤੀਆਂ ਵਿਚ ਮੋਹਿਤ ਖੰਨਾ ਨੇ ਬਲਤੇਜ ਮੁੰਡੀ ਕਨੇਡਾ ਨੂੰ ਹਰਾਇਆ, ਦਿਨੇਸ਼ ਮੇਹਲੀ ਨੇ ਨਵਤੇਜ ਮੁੰਡੀ ਕਨੇਡਾ ਅਤੇ ਕਰਨਵੀਰ ਮੇਹਲੀ ਨੇ ਉਦੈ ਕਨੇਡਾ ਨੂੰ ਸ਼ਿਕਸਤ ਦਿੱਤੀ। ਆਯੋਜਿਤ ਸਮਾਗਮ ਦੌਰਾਨ ਪੰਜਾਬ ਦੀਆਂ ਰਵਾਇਤੀ ਖੇਡਾਂ ਵੀ ਕਰਵਾਈਆਂ ਗਈਆਂ। ਜਿਸ ਵਿੱਚ ਛੋਟੇ ਬੱਚਿਆਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ। ਜੇਤੂ ਬੱਚਿਆਂ ਨੂੰ ਮੈਡਲ ਅਤੇ ਨਗਦ ਰਾਸ਼ੀ ਭੇਂਟ ਕਰਕੇ ਹੌਂਸਲਾ ਅਫਜਾਈ ਕੀਤੀ ਗਈ। ਜੇਤੂ ਪਹਿਲਵਾਨਾਂ ਨੂੰ ਵੀ ਦਿੱਲ ਖਿੱਚਵੇਂ ਇਨਾਮਾ ਨਾਲ ਨਵਾਜਿਆ ਗਿਆ। ਫਰੂਟ ਅਤੇ ਚਾਹ ਦੀ ਸੇਵਾ ਸ਼ੇਰਗਿਲ ਪਰਿਵਾਰ ਵਲੋਂ ਵਰਤਾਈ ਗਈ। ਇਸ ਮੌਕੇ ਹਰਜਿੰਦਰ ਸਿੰਘ ਕਨੇਡਾ ਹੱਪੋਵਾਲ, ਗੁਰਮੀਤ ਸਿੰਘ ਏ.ਐਸ.ਆਈ., ਰਵਿੰਦਰ ਨਾਥ ਕੋਚ, ਸਾਜਨ ਕੋਚ, ਕਮਲ ਕੋਚ, ਭੁਪਿੰਦਰ ਸਿੰਘ ਨੰਬਰਦਾਰ, ਲਖਵਿੰਦਰ ਸਿੰਘ ਲੱਖੀ ਯੂ.ਕੇ., ਦੀਪਾ, ਰਾਣਾ ਤੇ ਅਮਰੀਕ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਕੁਸ਼ਤੀ ਤੇ ਖੇਡ ਪ੍ਰੇਮੀ ਹਾਜਰ ਸਨ।

# ਰਾਇਕੋਟ ਵਿੱਚ ਠੇਕੇਦਾਰ ਦੀ ਲਾਪਰਵਾਹੀ ਕਾਰਣ ਥਿੰਕ ਗੈਸ ਦੀ ਪਾਈਪਲਾਈਨ ਨੂੰ ਨੁਕਸਾਨ

THINK GAS

ਲੁਧਿਆਣਾ (ਲੋਕ ਬਾਣੀ)- ਬਸੀਆ ਪਿੰਡ, ਰਾਇਕੋਟ, ਵਿੱਚ ਸੀਵਰੇਜ ਦੇ ਕੰਮ ਲਈ ਖੱਡਾ ਖੋਦਦੇ ਸਮੇਂ ਲਾਪਰਵਾਹੀ ਵਜੋਂ ਥਿੰਕ ਗੈਸ ਦੀ ਬਿਛਾਈ ਗਈ ਪਾਈਪਲਾਈਨ ਕੱਟ ਗਈ, ਜਿਸ ਨਾਲ ਗੈਸ ਲੀਕ ਹੋਣ ਲੱਗੀ। ਸੂਚਨਾ ਮਿਲਦੇ ਹੀ ਥਿੰਕ ਗੈਸ ਦੀ ਐਮਰਜੈਂਸੀ ਟੀਮ ਮੌਕੇ ਤੇ ਪਹੁੰਚੀ ਅਤੇ ਲੀਕ ਤੁਰੰਤ ਰੋਕ ਦਿੱਤੀ। ਉਹਨਾਂ ਦੀ ਤੇਜ਼ ਕਾਰਵਾਈ ਨਾਲ ਵੱਡਾ ਹਾਦਸਾ ਟਲ ਗਿਆ। ਥਿੰਕ ਗੈਸ ਨੂੰ ਇਸ ਖੁਦਾਈ ਬਾਰੇ ਪਹਿਲਾਂ ਕੋਈ ਜਾਣਕਾਰੀ ਨਹੀਂ ਦਿੱਤੀ ਗਈ ਸੀ, ਨਹੀਂ ਤਾਂ ਨੁਕਸਾਨ ਟਾਲਿਆ ਜਾ ਸਕਦਾ ਸੀ। ਥਿੰਕ ਗੈਸ ਵੱਲੋਂ ਲਗਾਏ ਗਏ ਮਾਰਕਰਾਂ ਅਤੇ ਚੇਤਾਵਨੀ ਸੰਕੇਤਾਂ ਦੇ ਬਾਵਜੂਦ, ਏਜੰਸੀ/ਵਿਅਕਤੀਆਂ ਨੇ ਖੁਦਾਈ ਵੇਲੇ ਸਾਵਧਾਨੀ ਨਾ ਬਰਤੀ, ਜਿਸ ਨਾਲ ਪਾਈਪਲਾਈਨ ਨੂੰ ਨੁਕਸਾਨ ਪਹੁੰਚਿਆ। ਇਹ ਕਾਰਵਾਈ ਪੈਟਰੋਲੀਅਮ ਅਤੇ ਖਣਿਜ ਪਾਈਪਲਾਈਨ (ਜ਼ਮੀਨ ਵਿੱਚ ਯੂਜ਼ਰ ਅਧਿਕਾਰ) ਐਕਟ, 1962 ਦੀ ਧਾਰਾ 15 (1) ਅਤੇ (2) ਅਤੇ ਆਈ.ਪੀ.ਸੀ. ਦੀਆਂ ਲਾਗੂ ਧਾਰਾਵਾਂ ਅਧੀਨ ਅਪਰਾਣੀਕ ਮੰਨੀ ਜਾਂਦੀ ਹੈ। ਇਹ ਉਲੰਘਣਾਵਾਂ ਸੰਜੋਗੀ ਅਪਰਾਣ ਹਨ ਅਤੇ ਇਹਨਾਂ ਵਿੱਚ 25 ਕਰੋੜ ਰੁਪਏ ਦਾ ਜੁਰਮਾਨਾ ਅਤੇ ਤਿੰਨ ਸਾਲ ਤੱਕ ਦੀ ਜੇਲ੍ਹ ਦੀ ਸਜ਼ਾ ਦਾ ਪ੍ਰਬੰਧ ਹੈ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
82880 21797
82880 21798
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements in Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences

Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
EDUCATIONAL SINCE 1958
64 YEARS EXCELLENCE
MORE THAN • 56 Colleges & Schools • 200 Merit Positions • 125 Companies For Placements • 75 Academic Courses • 2000 Placements in 2022 - 2023 • 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed. • D.El.Ed. • B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565